ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 22 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੫ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




**ਬੰਦੀ** ਸਿੰਘਾਂ ਦੀ ਰਿਹਾਈ ਨੂੰ ਲੈ ਕੇ ਕੌਮੀ ਇਨਸਾਫ਼ ਮੋਰਚੇ ਵੱਲੋਂ ਅੱਜ ਪੰਜਾਬ ਬੰਦ ਦੀ ਕਾਲ ਦਿੱਤੀ ਗਈ ਸੀ, ਜਿਸ ਦਾ ਭਰਪੂਰ ਅਸਰ ਪੂਰੇ ਪੰਜਾਬ ਵਿੱਚ ਦੇਖਣ ਨੂੰ ਮਿਲਿਆ। ਮੁਕੰਮਲ ਇਲਾਕੇ ਪੂਰਨ ਤੌਰ ’ਤੇ ਬੰਦ ਰਹੇ ਜੱਥੇਬੰਦੀਆਂ ਵੱਲੋਂ ਸਵੇਰੇ ਹੀ ਸ਼ਹਿਰ ਅੰਦਰ ਅਮਨ-ਸ਼ਾਂਤੀ ਨੂੰ ਲੈ ਕੇ ਮਾਰਚ ਕੱਢਿਆ ਗਿਆ। ਜੱਥੇਬੰਦੀਆਂ ਵੱਲੋਂ ਸਵੇਰੇ 7 ਵਜੇ ਤੋਂ ਲੈ ਕੇ ਦੁਪਹਿਰ 2 ਵਜੇ ਤੱਕ ਬੰਦ ਦੀ ਕਾਲ ਦਿੱਤੀ ਗਈ ਅਤੇ 7 ਘੰਟੇ ਸਾਰਾ ਪੰਜਾਬ ਬੰਦ ਰਿਹਾ। ਪੰਜਾਬ ਬੰਦ ਹੋਣ ਨਾਲ ਇਸ ਤਰ੍ਹਾਂ ਲੱਗ ਰਿਹਾ ਹੈ ਕੇ ਜਿਵੇਂ ਜ਼ਿੰਦਗੀ ਥੰਮ ਗਈ ਹੋਵੇ। ਜਿਵੇਂ ਹੀ 2 ਵਜੇ ਅਤੇ ਦੁਕਾਨਦਾਰਾਂ ਨੇ 7 ਘੰਟਿਆ ਬਾਅਦ ਆਪਣੀਆਂ-ਆਪਣੀਆਂ ਦੁਕਾਨਾਂ ਖੋਲ੍ਹੀਆਂ ਅਤੇ ਲੋਕਾਂ ਵੱਲੋਂ ਵੀ ਖੂਬ ਖਰੀਦਦਾਰੀ ਕੀਤੀ ਗਈ ਅਤੇ ਬਾਜ਼ਾਰ ’ਚ ਮਾਹੌਲ ਆਮ ਦਿਨਾਂ ਵਾਂਗ ਹੀ ਬਣ ਗਿਆ ਅਤੇ ਸਾਰੇ ਬਜ਼ਾਰਾਂ ’ਚ ਭੀੜ ਦੇਖਣ ਨੂੰ ਮਿਲੀ।



ਸਿੱਖ ਜਥੇਬੰਦੀਆਂ ਨੇ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਕੌਮੀ ਇਨਸਾਫ਼ ਮੋਰਚੇ ਵੱਲੋਂ ਦਿੱਤੇ ਅੱਜ ਪੰਜਾਬ ਬੰਦ ਦੇ ਸੱਦੇ ਨੂੰ ਲੈ ਕੇ ਨੈਸ਼ਨਲ ਹਾਈਵੇਅ ’ਤੇ ਸਥਿਤ ਲਾਡੋਵਾਲ ਚੌਕ ਵਿਚ ਧਰਨਾ ਲਗਾ ਕੇ ਹਾਈਵੇਅ ਨੂੰ ਪੂਰੀ ਤਰ੍ਹਾਂ ਜਾਮ ਕਰ ਦਿੱਤਾ। ਇਸ ਕਾਰਨ ਹਾਈਵੇਅ ’ਤੇ ਕਈ ਕਿੱਲੋਮੀਟਰ ਤਕ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ। ਮੌਕੇ ’ਤੇ ਰੋਸ ਪ੍ਰਦਰਸ਼ਨ ਕਰਦੇ ਲੋਕਾਂ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਅੱਖਾਂ ਖੋਲ੍ਹਣ ਲਈ ਅੱਜ ਉਨ੍ਹਾਂ ਵੱਲੋਂ ਨੈਸ਼ਨਲ ਹਾਈਵੇਅ ਜਾਮ ਕੀਤਾ ਗਿਆ ਹੈ, ਤਾਂ ਜੋ ਕੇਂਦਰ ਸਰਕਾਰ ਜੇਲ੍ਹ ਵਿਚ ਬੰਦ ਬੰਦੀ ਸਿੰਘਾਂ ਨੂੰ ਛੇਤੀ ਤੋਂ ਛੇਤੀ ਰਿਹਾਅ ਕਰੇ। ਨੈਸ਼ਨਲ ਹਾਈਵੇਅ ਜਾਮ ਹੋਣ ਕਾਰਨ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ, ਪਰ ਲੋਕਾਂ ਦੀ ਸਮੱਸਿਆ ਦਾ ਹੱਲ ਕਰਨ ਲਈ ਕਿਸੇ ਵੀ ਵਿਭਾਗ ਵੱਲੋਂ ਜਾਮ ਖੁੱਲ੍ਹਵਾਉਣ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ।

ਕੌਮੀ ਇਨਸਾਫ਼ ਮੋਰਚੇ ਵਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਦਿੱਤੇ ਪੰਜਾਬ ਬੰਦ ਦੇ ਸੱਦੇ ਨੂੰ ਹਲਵਾਰਾ ਅਤੇ ਰਾਏਕੋਟ ਵਿਖੇ ਵੀ ਭਰਵਾਂ ਸਮਰਥਨ ਮਿਲਿਆ। ਪਿੰਡਾਂ ਅਤੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿਚ ਦੁਕਾਨਦਾਰਾਂ, ਵਪਾਰੀਆਂ ਅਤੇ ਕਾਰੋਬਾਰੀਆਂ ਵਲੋਂ ਬੰਦ ਨੂੰ ਸਮਰਥਨ ਦਿੱਤਾ ਗਿਆ। ਇਸ ਮੌਕੇ ਸੁਧਾਰ ਅਤੇ ਰਾਏਕੋਟ ਦਾ ਪੁਲਸ ਪ੍ਰਸ਼ਾਸਨ ਪੂਰੀ ਚੌਕਸੀ ਨਾਲ ਡਿਊਟੀ ਕਰ ਰਿਹਾ ਹੈ ਅਤੇ ਸ਼ਹਿਰ ਦੇ ਪ੍ਰਮੁੱਖ ਚੌਂਕ ਸਰਦਾਰ ਹਰੀ ਸਿੰਘ ਨਲੂਆ ਚੌਂਕ ਵਿਚ ਭਾਰੀ ਪੁਲਸ ਫੋਰਸ ਤਾਇਨਾਤ ਕੀਤੀ ਗਈ ਹੈ ਤਾਂ ਜੋ ਸਥਿਤੀ ਨੂੰ ਸ਼ਾਂਤੀਪੂਰਵਕ ਰੱਖਿਆ ਜਾ ਸਕੇ। ਹਲਵਾਰਾ ਅਤੇ ਰਾਏਕੋਟ ਸ਼ਹਿਰ ਵਿਚ ਨਿਹੰਗ ਜਥੇਬੰਦੀਆਂ ਵਲੋਂ ਲੋਕਾਂ ਤੇ ਦੁਕਾਨਦਾਰਾਂ ਨੂੰ ਬੰਦ ਨੂੰ ਪੂਰਨ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ ਗਈ ਸੀ।

## ਪੰਜਾਬ ਪੁਲਸ ਤੇ ਸਿੱਖ ਆਗੂਆਂ ਵਿਚਾਲੇ ਤਲਖੀ, ਕਈ ਆਗੂਆਂ ਨੂੰ ਹਿਰਾਸਤ ’ਚ ਲਿਆ

**ਅੰਮ੍ਰਿਤਸਰ, 21 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੌਮੀ ਇਨਸਾਫ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਅਤੇ ਭਾਈ ਜਗਤਾਰ ਸਿੰਘ ਹਵਾਰਾ ਨੂੰ 10 ਦਿਨ ਦੀ ਪਰੋਲ ਦੇਣ ਦੀ ਮੰਗ ਨੂੰ ਲੈ ਕੇ ਦਿੱਤੀ ਗਈ ਪੰਜਾਬ ਬੰਦ ਦੀ ਕਾਲ ਦਾ ਅਸਰ ਅੰਮ੍ਰਿਤਸਰ ਵਿੱਚ ਵੀ ਦੇਖਣ ਨੂੰ ਮਿਲਿਆ। ਅੰਮ੍ਰਿਤਸਰ ਦੇ ਗੋਲਡਨ ਗੇਟ ਦੇ ਬਾਹਰ ਸਿੱਖ ਜਥੇਬੰਦੀਆਂ ਵੱਲੋਂ ਪ੍ਰਦਰਸ਼ਨ ਕਰਦਿਆਂ ਰਸਤਾ ਬੰਦ ਕਰ ਦਿੱਤਾ ਗਿਆ, ਜਿਸ ਕਾਰਨ ਆਵਾਜਾਈ ਪ੍ਰਭਾਵਿਤ ਹੋਈ। ਪ੍ਰਦਰਸ਼ਨਕਾਰੀਆਂ ਵੱਲੋਂ ਕਿਹਾ ਗਿਆ ਕਿ ਪੰਜਾਬ ਬੰਦ ਦਾ ਮਤਲਬ ਪੂਰੀ ਤਰ੍ਹਾਂ ਬੰਦ ਹੈ ਅਤੇ ਇਸ ਦੌਰਾਨ ਕਿਸੇ ਵੀ ਤਰ੍ਹਾਂ ਦੀ ਆਵਾਜਾਈ ਨਹੀਂ ਚੱਲਣ ਦਿੱਤੀ ਜਾਵੇਗੀ। ਹਾਲਾਂਕਿ ਐਂਬੂਲੈਂਸ ਨੂੰ ਲੰਘਣ ਦੇਣ ਦੀ ਗੱਲ ਕਹੀ ਗਈ। ਇਸ ਦੌਰਾਨ ਪੁਲਸ ਵੱਲੋਂ ਪ੍ਰਦਰਸ਼ਨਕਾਰੀਆਂ ਨੂੰ ਰਸਤਾ ਖੋਲ੍ਹਣ ਲਈ ਕਿਹਾ ਗਿਆ। ਰਸਤਾ ਖੋਲ੍ਹਵਾਉਣ ਨੂੰ ਲੈ ਕੇ ਪੁਲਸ ਅਤੇ ਸਿੱਖ ਜਥੇਬੰਦੀਆਂ ਦੇ ਆਗੂਆਂ ਵਿਚਾਲੇ ਕਾਫੀ ਤਲਖੀ ਅਤੇ ਬਹਿਸਬਾਜ਼ੀ ਹੋਈ। ਪੁਲਸ ਦਾ ਕਹਿਣਾ ਸੀ ਕਿ ਇਹ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੂੰ ਜਾਣ ਵਾਲਾ ਮੁੱਖ ਰਸਤਾ ਹੈ ਅਤੇ ਇਸ ਨੂੰ ਜ਼ਬਰਦਸਤੀ ਪੂਰੀ ਤਰ੍ਹਾਂ ਬੰਦ ਨਹੀਂ ਕਰਨ ਦਿੱਤਾ ਜਾ ਸਕਦਾ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭੁਪਿੰਦਰ ਸਿੰਘ ਨੇ 6 ਜੂਨ ਕਿਹਾ ਕਿ ਕੌਮੀ ਇਨਸਾਫ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਅਤੇ ਭਾਈ ਜਗਤਾਰ ਸਿੰਘ ਹਵਾਰਾ ਦੀ 10 ਦਿਨ ਦੀ ਪਰੋਲ ਦੀ ਮੰਗ ਨੂੰ ਲੈ ਕੇ ਪੰਜਾਬ ਬੰਦ ਦੀ ਕਾਲ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਬੰਦ ਦੌਰਾਨ ਸਿਰਫ ਐਂਬੂਲੈਂਸ ਨੂੰ ਰਸਤਾ ਦਿੱਤਾ ਜਾਵੇਗਾ ਅਤੇ ਬਾਕੀ ਆਵਾਜਾਈ ਬੰਦ ਰਹੇਗੀ। ਕਰੀਬ 20 ਮਿੰਟ ਤੱਕ ਪੁਲਸ ਅਤੇ ਪ੍ਰਦਰਸ਼ਨਕਾਰੀਆਂ ਵਿਚਾਲੇ ਬਹਿਸ ਤੋਂ ਬਾਅਦ ਪੁਲਸ ਵੱਲੋਂ ਕੁਝ ਸਿੱਖ ਜਥੇਬੰਦੀਆਂ ਦੇ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਹਿਰਾਸਤ ਵਿੱਚ ਲਏ ਜਾਣ ਤੋਂ ਬਾਅਦ ਸਿੱਖ ਆਗੂ ਭਾਈ ਰਣਜੀਤ ਸਿੰਘ ਅਤੇ ਭੁਪਿੰਦਰ ਸਿੰਘ ਨੇ ਪੁਲਸ ’ਤੇ ਧੱਕੇਸ਼ਾਹੀ ਦੇ ਦੋਸ਼ ਲਗਾਏ। ਉਨ੍ਹਾਂ ਕਿਹਾ ਕਿ ਉਹ ਸ਼ਾਂਤਮਈ ਢੰਗ ਨਾਲ ਬੰਦ ਦੀ ਕਾਲ ਨੂੰ ਲਾਗੂ ਕਰ ਰਹੇ ਸਨ ਅਤੇ ਦੁਪਹਿਰ 2 ਵਜੇ ਤੱਕ ਆਵਾਜਾਈ ਬੰਦ ਰੱਖਣ ਦੀ ਗੱਲ ਕੀਤੀ ਸੀ। ਦੂਜੇ ਪਾਸੇ ਡੀਸੀਪੀ ਰਵਿੰਦਰ ਪਾਲ ਸਿੰਘ ਨੇ ਕਿਹਾ ਕਿ ਕੁਝ ਪ੍ਰਦਰਸ਼ਨਕਾਰੀਆਂ ਵੱਲੋਂ ਰਸਤਾ ਬਲਾਕ ਕਰਕੇ ਆਵਾਜਾਈ ਪ੍ਰਭਾਵਿਤ ਕੀਤੀ ਜਾ ਰਹੀ ਸੀ ਅਤੇ ਐਂਬੂਲੈਂਸਾਂ ਦਾ ਰਸਤਾ ਵੀ ਰੋਕਿਆ ਜਾ ਰਿਹਾ ਸੀ। ਇਸ ਕਾਰਨ ਕੁਝ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਮਾਮਲੇ ਵਿੱਚ ਪੁਲਿਸ ਵੱਲੋਂ ਬਣਦੀ ਕਾਰਵਾਈ ਕੀਤੀ ਜਾਵੇਗੀ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ

☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com


Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net


ਧੁਰੋਂ ਸ਼ਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੌ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਲੋਂ, ਜ: ਮਹਿਤਾਬ ਸਿੰਘ ਵਿਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV




# ਬੰਦੀ ਸਿੰਘਾਂ ਦਾ ਮੁੱਦਾ: ਸੰਵਿਧਾਨ, ਕਾਨੂੰਨ, ਮਾਨਵੀ ਦ੍ਰਿਸ਼ਟੀਕੋਣ ਤੇ ਸਿਆਸਤ

**ਵਿਚਾਰ ਆਪੋ-ਆਪਣਾ**



**ਪੰਜਾਬ** ਦੀ ਧਰਤੀ ਨੇ ਪਿਛਲੇ ਕਈ ਦਹਾਕਿਆਂ ਦੌਰਾਨ ਹਿੰਸਾ, ਅੱਤਵਾਦ, ਰਾਜਸੀ ਟਕਰਾਅ ਅਤੇ ਬੇਅੰਤ ਪਰਿਵਾਰਾਂ ਦੇ ਅਸਹਿ ਦਰਦ ਨੂੰ ਆਪਣੇ ਸੀਨੇ ਉੱਤੇ ਝੱਲਿਆ ਹੈ। ਅੱਜ ਵੀ ਜਦੋਂ "ਬੰਦੀ ਸਿੰਘਾਂ" ਦੀ ਗੱਲ ਛਿੜਦੀ ਹੈ ਤਾਂ ਇਹ ਕੇਵਲ ਇੱਕ ਕਾਨੂੰਨੀ ਬਹਿਸ ਨਹੀਂ ਰਹਿੰਦੀ, ਸਗੋਂ ਇਤਿਹਾਸ, ਇਨਸਾਫ਼, ਸਿੱਖ ਭਾਵਨਾਵਾਂ ਅਤੇ ਪੀੜਤ ਪਰਿਵਾਰਾਂ ਦੀ ਪੀੜਾ ਨਾਲ ਜੁੜਿਆ ਹੋਇਆ ਇੱਕ ਬਹੁਤ ਹੀ ਸੰਵੇਦਨਸ਼ੀਲ ਵਿਸ਼ਾ ਬਣ ਜਾਂਦਾ ਹੈ। ਦੁੱਖ ਦੀ ਗੱਲ ਇਹ ਹੈ ਕਿ ਹਰ ਚੋਣ ਤੋਂ ਪਹਿਲਾਂ ਇਹ ਮਸਲਾ ਮੁੜ ਸਿਆਸੀ ਮੰਚਾਂ ਦਾ ਹਥਿਆਰ

ਆਵਾਜ਼ਿ ਕੌਮ AWAZE QAUM
International Newspaper & WEB TV

ਬਣ ਜਾਂਦਾ ਹੈ, ਜਦਕਿ ਇਸ ਦਾ ਸਥਾਈ ਹੱਲ ਕੇਵਲ ਸੰਵਿਧਾਨ, ਕਾਨੂੰਨ ਦੇ ਰਾਜ ਅਤੇ ਮਾਨਵੀ ਦ੍ਰਿਸ਼ਟੀਕੋਣ ਵਿੱਚ ਹੀ ਨਿਹਿਤ ਹੈ।

ਦਹਾਕਿਆਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖ ਕੈਦੀਆਂ ਦੇ ਮਾਮਲਿਆਂ ਨੂੰ ਸਿਰਫ਼ ਅਪਰਾਧ ਦੀ ਸੰਕੀਰਨ ਕਾਨੂੰਨੀ ਪਰਿਭਾਸ਼ਾ ਤੱਕ ਸੀਮਿਤ ਕਰਕੇ ਨਹੀਂ ਦੇਖਿਆ ਜਾ ਸਕਦਾ। ਉਹ ਜਨਮਜਾਤ ਜਾਂ ਪੇਸ਼ੇਵਰ ਅਪਰਾਧੀ ਨਹੀਂ ਸਨ। ਉਨ੍ਹਾਂ ਦੇ ਮਾਮਲੇ ਪੰਜਾਬ ਦੇ ਉਸ ਅਸ਼ਾਂਤ ਦੌਰ, ਕਾਂਗਰਸ ਸਰਕਾਰਾਂ ਦੀਆਂ ਰਾਜਨੀਤਕ ਵਿਤਕਰਿਆਂ ਅਤੇ ਲੰਬੇ ਸਮੇਂ ਤੱਕ ਚੱਲੇ ਟਕਰਾਅ ਨਾਲ ਜੁੜੇ ਹੋਏ ਹਨ। ਇਸ ਲਈ ਜਿੱਥੇ ਕਾਨੂੰਨ ਆਪਣਾ ਕੰਮ ਕਰੇ, ਉੱਥੇ ਮਾਨਵੀ ਪੱਖ ਨੂੰ ਵੀ ਬਰਾਬਰ ਦੀ ਸੰਵੇਦਨਸ਼ੀਲਤਾ ਨਾਲ ਵਿਚਾਰਿਆ ਜਾਣਾ ਚਾਹੀਦਾ ਹੈ।

ਇਸ ਦੇ ਨਾਲ ਹੀ ਨਿਆਂ ਦਾ ਤਕਾਜ਼ਾ ਇਹ ਵੀ ਹੈ ਕਿ ਅਸੀਂ ਦੂਜੇ ਪਾਸੇ ਦੇ ਦਰਦ ਨੂੰ ਨਜ਼ਰਅੰਦਾਜ਼ ਨਾ ਕਰੀਏ। ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਸਮੇਂ ਮਾਰੇ ਗਏ 16 ਹੋਰ ਵਿਅਕਤੀਆਂ ਦੇ ਪਰਿਵਾਰਾਂ ਸਮੇਤ ਉਸ ਹਿੰਸਕ ਦੌਰ ਦੇ ਸਾਰੇ ਪੀੜਤਾਂ ਦੀ ਪੀੜਾ ਵੀ ਉਤਨੀ ਹੀ ਸੱਚੀ ਅਤੇ ਸਨਮਾਨਯੋਗ ਹੈ। ਅਸਲ ਨਿਆਂ ਕਿਸੇ ਇੱਕ ਧਿਰ ਨਾਲ ਹਮਦਰਦੀ ਦਾ ਨਾਮ ਨਹੀਂ, ਸਗੋਂ ਹਰ ਪੀੜਤ ਦੇ ਦਰਦ ਨੂੰ ਬਰਾਬਰ ਸੰਵੇਦਨਸ਼ੀਲਤਾ ਨਾਲ ਸਵੀਕਾਰ ਕਰਨ ਦਾ ਨਾਮ ਹੈ।

ਮੈਂ ਸਪੱਸ਼ਟ ਤੌਰ 'ਤੇ ਉਨ੍ਹਾਂ ਬੰਦੀ ਸਿੰਘਾਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਦੇ ਹੱਕ ਵਿੱਚ ਹਾਂ, ਜਿਨ੍ਹਾਂ ਦੇ ਮਾਮਲੇ ਕਾਨੂੰਨ ਅਨੁਸਾਰ ਯੋਗ ਹਨ। ਜਿੱਥੇ ਕਾਨੂੰਨੀ ਪ੍ਰਾਵਧਾਨ ਰਿਹਾਈ ਜਾਂ ਸਜ਼ਾ ਵਿੱਚ ਛੋਟ ਦੀ ਆਗਿਆ ਦਿੰਦੇ ਹਨ, ਉੱਥੇ ਫ਼ੈਸਲਾ ਨਿਰਪੱਖ ਅਤੇ ਬਿਨਾਂ ਕਿਸੇ ਪੱਖਪਾਤ ਦੇ ਹੋਣਾ ਚਾਹੀਦਾ ਹੈ। ਇਸੇ ਸੰਦਰਭ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਵੱਲੋਂ ਅਕਤੂਬਰ 2019 ਵਿੱਚ ਜਾਰੀ ਕੀਤਾ ਗਿਆ ਨੋਟੀਫ਼ਿਕੇਸ਼ਨ ਇੱਕ ਮਹੱਤਵਪੂਰਨ ਕਦਮ ਸੀ, ਜਿਸ ਰਾਹੀਂ ਸਬੰਧਤ ਰਾਜਾਂ ਨੂੰ ਅੱਠ ਬੰਦੀ ਸਿੰਘਾਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਦੀ ਪ੍ਰਕਿਰਿਆ ਸ਼ੁਰੂ ਕਰਨ ਲਈ ਕਿਹਾ ਗਿਆ। ਇਸ ਦੇ ਨਤੀਜੇ ਵਜੋਂ ਛੇ ਬੰਦੀ ਸਿੰਘ ਰਿਹਾਅ ਹੋ ਚੁੱਕੇ ਹਨ, ਜਦਕਿ ਦੋ ਮਾਮਲੇ ਕਰਨਾਟਕ ਅਤੇ ਦਿੱਲੀ ਸਰਕਾਰਾਂ ਕੋਲ ਲੰਬਿਤ ਹਨ। ਬਲਵੰਤ ਸਿੰਘ ਰਾਜੋਆਣਾ ਦੀ ਦਇਆ ਪਟੀਸ਼ਨ ਦਾ ਮਾਮਲਾ ਵੀ ਸੁਪਰੀਮ ਕੋਰਟ ਵੱਲੋਂ ਅਜੇ ਅੰਤਿਮ ਤੌਰ 'ਤੇ ਨਿਪਟਿਆ ਜਾਣਾ ਹੈ।

ਬੰਦੀ ਸਿੰਘਾਂ ਦੀ ਪਰਿਭਾਸ਼ਾ ਅਤੇ ਗਿਣਤੀ ਨੂੰ ਲੈ ਕੇ ਵੱਖ-ਵੱਖ ਜਥੇਬੰਦੀਆਂ ਦੇ ਆਪਣੇ-ਆਪਣੇ ਦਾਅਵੇ ਹਨ। ਪਰ ਇੱਕ ਸੰਵਿਧਾਨਕ ਲੋਕਤੰਤਰ ਵਿੱਚ ਕਿਸੇ ਵੀ ਵਿਅਕਤੀ ਦੀ ਕਿਸਮਤ ਸੜਕਾਂ ਦੇ ਦਬਾਅ ਜਾਂ ਸਿਆਸੀ ਨਾਅਰਿਆਂ ਨਾਲ ਤੈਅ ਨਹੀਂ ਹੋ ਸਕਦੀ। ਰਿਹਾਈ ਦਾ ਫ਼ੈਸਲਾ ਸਥਾਪਿਤ ਕਾਨੂੰਨੀ ਨੀਤੀ, ਸਜ਼ਾ ਦੀ ਮਿਆਦ, ਕੈਦੀ ਦੇ ਆਚਰਨ ਅਤੇ ਹੋਰ ਵਿਧਾਨਿਕ ਮਾਪਦੰਡਾਂ ਦੇ ਆਧਾਰ 'ਤੇ ਹੀ ਹੋਣਾ ਚਾਹੀਦਾ ਹੈ। ਕੌਮੀ ਇਨਸਾਫ਼ ਮੋਰਚੇ ਵੱਲੋਂ ਦਿੱਤੇ ਪੰਜਾਬ ਬੰਦ ਦੇ ਸੱਦੇ ਦੇ ਸੰਦਰਭ ਵਿੱਚ ਮੇਰਾ ਪੱਕਾ ਵਿਸ਼ਵਾਸ ਹੈ ਕਿ ਸ਼ਾਂਤਮਈ ਵਿਰੋਧ ਹਰ ਨਾਗਰਿਕ ਦਾ ਲੋਕਤੰਤਰਿਕ ਅਧਿਕਾਰ ਹੈ। ਪਰ ਕੋਈ ਵੀ ਅੰਦੋਲਨ ਅਜਿਹਾ ਰੂਪ ਨਹੀਂ ਧਾਰ ਸਕਦਾ ਜਿਸ ਨਾਲ ਆਮ ਲੋਕਾਂ ਦੀ ਰੋਜ਼ੀ-ਰੋਟੀ, ਵਪਾਰ ਜਾਂ ਸਮਾਜਿਕ ਸ਼ਾਂਤੀ ਪ੍ਰਭਾਵਿਤ ਹੋਵੇ। ਪੰਜਾਬ ਪਹਿਲਾਂ ਹੀ ਹਿੰਸਾ ਦੀ ਬਹੁਤ ਵੱਡੀ ਕੀਮਤ ਅਦਾ ਕਰ ਚੁੱਕਾ ਹੈ; ਇਸ ਨੂੰ ਮੁੜ ਅਸਥਿਰਤਾ ਵੱਲ ਨਹੀਂ ਧੱਕਿਆ ਜਾਣਾ ਚਾਹੀਦਾ। ਇਸੇ ਪ੍ਰਸੰਗ ਵਿੱਚ ਮੰਡੋਲੀ ਜੇਲ੍ਹ ਤੋਂ ਜਗਤਾਰ ਸਿੰਘ ਹਵਾਰਾ ਵੱਲੋਂ ਨੌਜਵਾਨਾਂ ਨੂੰ ਸੰਜਮ ਵਰਤਣ, ਕਾਨੂੰਨ ਆਪਣੇ ਹੱਥ ਵਿੱਚ ਨਾ ਲੈਣ, ਹਿੰਸਾ ਤੋਂ ਦੂਰ ਰਹਿਣ ਅਤੇ ਸ਼ਰਾਰਤੀ ਅਨਸਰਾਂ ਤੋਂ ਸੁਚੇਤ ਰਹਿਣ ਦੀ ਕੀਤੀ ਅਪੀਲ ਵਿਸ਼ੇਸ਼ ਪ੍ਰਸ਼ੰਸਾਯੋਗ ਹੈ। ਇਹ ਇੱਕ ਸਕਾਰਾਤਮਿਕ ਅਤੇ ਸ਼ਾਂਤੀਪੂਰਨ ਸੰਦੇਸ਼ ਹੈ, ਜਿਸ ਦੀ ਅੱਜ ਪੰਜਾਬ ਨੂੰ ਸਭ ਤੋਂ ਵੱਧ ਲੋੜ ਹੈ।

ਮੋਰਚੇ ਦੀ ਪ੍ਰਕਿਰਤੀ ਅਤੇ ਕਾਰਗੁਜ਼ਾਰੀ ਵੀ ਗੰਭੀਰ ਸਵਾਲ ਖੜ੍ਹੇ ਕਰਦੀ ਹੈ। 18 ਜਨਵਰੀ 2023 ਨੂੰ ਮੋਹਾਲੀ-ਚੰਡੀਗੜ੍ਹ ਸਰਹੱਦ 'ਤੇ ਚੱਲ ਰਹੇ ਕੌਮੀ ਇਨਸਾਫ਼ ਮੋਰਚੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵਿਰੁੱਧ ਨਾਅਰੇਬਾਜ਼ੀ ਹੋਈ ਅਤੇ ਉਨ੍ਹਾਂ ਦੀ ਗੱਡੀ 'ਤੇ ਹਮਲਾ ਕਰਕੇ ਭੰਨਤੋੜ ਕੀਤੀ ਗਈ। ਜੇ ਸਿੱਖਾਂ ਦੀ ਸਰਵਉੱਚ ਧਾਰਮਿਕ ਸੰਸਥਾ ਦੇ ਮੁਖੀ ਦੀ ਮਰਯਾਦਾ ਅਤੇ ਸੁਰੱਖਿਆ ਦਾ ਹੀ ਸਤਿਕਾਰ ਨਹੀਂ ਕੀਤਾ ਜਾ ਸਕਦਾ, ਤਾਂ ਅਜਿਹੇ ਅੰਦੋਲਨ ਦੀ ਦਿਸ਼ਾ ਅਤੇ ਨੀਅਤ ਬਾਰੇ ਸਵਾਲ ਉੱਠਣਾ ਸੁਭਾਵਿਕ ਹੈ।

ਸਾਬਕਾ ਬੰਦੀ ਸਿੰਘ ਗੁਰਦੀਪ ਸਿੰਘ ਖੈੜਾ ਖ਼ੁਦ ਜਨਤਕ ਤੌਰ 'ਤੇ ਕਹਿ ਚੁੱਕੇ ਹਨ ਕਿ ਉਨ੍ਹਾਂ ਦੀ ਰਿਹਾਈ ਜਾਂ ਕਾਨੂੰਨੀ ਰਾਹਤ ਵਿੱਚ ਕਿਸੇ ਵੀ ਰਿਹਾਈ ਮੋਰਚੇ ਦੀ ਕੋਈ ਭੂਮਿਕਾ ਨਹੀਂ ਸੀ। ਜੇ ਅਜਿਹਾ ਹੈ, ਤਾਂ ਫਿਰ ਇਹ ਪ੍ਰਭਾਵ ਵਾਰ-ਵਾਰ ਕਿਉਂ ਬਣਾਇਆ ਜਾਂਦਾ ਹੈ ਕਿ ਹਰ ਰਿਹਾਈ ਸਿਰਫ਼ ਸਿਆਸੀ ਅੰਦੋਲਨਾਂ ਦੇ ਦਬਾਅ ਦਾ ਨਤੀਜਾ ਹੈ?

ਜੇ ਕੌਮੀ ਇਨਸਾਫ਼ ਮੋਰਚਾ ਸੱਚਮੁੱਚ ਬੰਦੀ ਸਿੰਘਾਂ ਦੇ ਮਸਲੇ ਪ੍ਰਤੀ ਗੰਭੀਰ ਹੈ, ਤਾਂ ਉਸ ਨੂੰ ਸੰਵਿਧਾਨਕ ਅਤੇ ਕਾਨੂੰਨੀ ਰਾਹ ਨੂੰ ਪਹਿਲ ਦੇਣੀ ਚਾਹੀਦੀ ਹੈ। ਪੰਜਾਬ ਨੂੰ ਨਸ਼ੇ, ਬੇਰੁਜ਼ਗਾਰੀ, ਉਦਯੋਗਾਂ ਦੇ ਪਲਾਇਨ, ਨਿਵੇਸ਼ ਦੀ ਘਾਟ ਅਤੇ ਨੌਜਵਾਨਾਂ ਦੇ ਅਨਿਸ਼ਚਿਤ ਭਵਿੱਖ ਵਰਗੇ ਮੁੱਦਿਆਂ 'ਤੇ ਵੀ ਉਤਨੇ ਹੀ ਦ੍ਰਿੜ੍ਹ ਸੰਘਰਸ਼ ਦੀ ਲੋੜ ਹੈ। ਧਾਰਮਿਕ ਭਾਵਨਾਵਾਂ ਨੂੰ ਵਾਰ-ਵਾਰ ਸਿਆਸੀ ਲਾਮਬੰਦੀ ਦਾ ਸਾਧਨ ਨਹੀਂ ਬਣਾਇਆ ਜਾਣਾ ਚਾਹੀਦਾ। ਬੰਦੀ ਸਿੰਘਾਂ ਦਾ ਮੁੱਦਾ ਨਾ ਕਿਸੇ ਪਾਰਟੀ ਦੀ ਚੋਣੀ ਜਿੱਤ ਦਾ ਸਾਧਨ ਬਣੇ ਅਤੇ ਨਾ ਹੀ ਭਾਵਨਾਤਮਕ ਰਾਜਨੀਤੀ ਦਾ ਹਥਿਆਰ; ਇਸ ਦਾ ਹੱਲ ਮਾਨਵੀ ਨਿਆਂ, ਸੰਵਿਧਾਨਕ ਪ੍ਰਕਿਰਿਆ ਅਤੇ ਸਥਾਈ ਸ਼ਾਂਤੀ ਵਿੱਚ ਹੀ ਨਿਹਿਤ ਹੈ।

ਹਵਾਰਾ ਦੀ ਪੈਰੋਲ: ਮਾਨਵੀ ਹਮਦਰਦੀ ਜਾਂ ਸਿਆਸੀ ਮੌਕਾਪ੍ਰਸਤੀ?

ਬੰਦੀ ਸਿੰਘਾਂ ਦਾ ਮੁੱਦਾ ਮਨੁੱਖੀ ਅਧਿਕਾਰ ਅਤੇ ਕਾਨੂੰਨੀ ਨਿਆਂ ਨਾਲ ਜੁੜਿਆ ਹੋਇਆ ਹੈ; ਇਸ ਨੂੰ ਚੋਣ ਰਾਜਨੀਤੀ ਦਾ ਨਾਅਰਾ ਨਹੀਂ ਬਣਾਇਆ ਜਾਣਾ ਚਾਹੀਦਾ। ਹਰ ਕੈਦੀ ਨੂੰ ਸੰਵਿਧਾਨ ਅਤੇ ਕਾਨੂੰਨ ਅਨੁਸਾਰ ਨਿਆਂ ਮਿਲਣਾ ਚਾਹੀਦਾ ਹੈ ਅਤੇ ਜਿੱਥੇ ਪੈਰੋਲ ਜਾਂ ਸਮੇਂ ਤੋਂ ਪਹਿਲਾਂ ਰਿਹਾਈ ਕਾਨੂੰਨੀ ਤੌਰ 'ਤੇ ਸੰਭਵ ਹੋਵੇ, ਉੱਥੇ ਫ਼ੈਸਲਾ ਨਿਰਪੱਖ ਹੋਣਾ ਚਾਹੀਦਾ ਹੈ।

ਇਸੇ ਲਈ 8 ਅਗਸਤ 2026 ਨੂੰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਰਾਜਪਾਲ ਨੂੰ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਦੀ ਸਿਫ਼ਾਰਸ਼ ਕਰਨਾ ਕਈ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਕੁਝ ਮਹੀਨੇ ਪਹਿਲਾਂ ਜਿਸ ਸਰਕਾਰ ਨੇ ਕਾਨੂੰਨ-ਵਿਵਸਥਾ ਦਾ ਹਵਾਲਾ ਦੇ ਕੇ ਪੈਰੋਲ ਦਾ ਵਿਰੋਧ ਕੀਤਾ ਸੀ, ਉਹੀ ਸਰਕਾਰ ਚੋਣਾਂ ਨੇੜੇ ਆਉਂਦਿਆਂ ਆਪਣਾ ਰੁਖ ਕਿਉਂ ਬਦਲ ਰਹੀ ਹੈ? ਜੇ ਅੱਜ ਦਾ ਰੁਖ ਸਹੀ ਹੈ, ਤਾਂ ਪਹਿਲਾਂ ਵਾਲਾ ਵਿਰੋਧ ਕਿਸ ਆਧਾਰ 'ਤੇ ਸੀ?

ਤੱਥ ਵੀ ਮਹੱਤਵਪੂਰਨ ਹਨ। ਜਗਤਾਰ ਸਿੰਘ ਹਵਾਰਾ ਦਾ ਪੈਰੋਲ ਮਾਮਲਾ 11 ਜੂਨ 2025 ਨੂੰ ਹਾਈ ਕੋਰਟ ਦੇ ਨਿਰਦੇਸ਼ਾਂ ਮਗਰੋਂ ਰਸਮੀ ਪ੍ਰਕਿਰਿਆ ਵਿੱਚ ਆਇਆ। ਦਿੱਲੀ ਵਿੱਚ ਮੁੱਖ ਮੰਤਰੀ ਰੇਖਾ ਗੁਪਤਾ ਦੀ ਅਗਵਾਈ ਹੇਠ ਭਾਜਪਾ ਸਰਕਾਰ ਬਣਨ ਤੋਂ ਬਾਅਦ ਡਾਇਰੈਕਟਰ ਜਨਰਲ (ਪ੍ਰਿਜ਼ਨਜ਼), ਦਿੱਲੀ ਨੇ 21 ਅਕਤੂਬਰ 2025 ਨੂੰ ਪੰਜਾਬ ਸਰਕਾਰ ਤੋਂ ਰਿਪੋਰਟ ਮੰਗੀ। ਪੰਜਾਬ ਸਰਕਾਰ ਨੇ 19 ਫ਼ਰਵਰੀ 2026 ਨੂੰ ਹਵਾਰਾ ਵਿਰੁੱਧ 25 ਅਪਰਾਧਿਕ ਮਾਮਲਿਆਂ ਦਾ ਹਵਾਲਾ ਦੇ ਕੇ ਪੈਰੋਲ ਦਾ ਵਿਰੋਧ ਕੀਤਾ। ਕੁਝ ਹੀ ਮਹੀਨਿਆਂ ਵਿੱਚ ਉਸੇ ਮਾਮਲੇ 'ਤੇ ਰੁਖ ਬਦਲਣਾ ਸੁਭਾਵਿਕ ਤੌਰ 'ਤੇ ਸਿਆਸੀ ਦੋਹਰੇ ਮਾਪਦੰਡਾਂ ਬਾਰੇ ਸਵਾਲ ਖੜ੍ਹੇ ਕਰਦਾ ਹੈ।

ਇਸ ਤੋਂ ਬਾਅਦ 11 ਜੁਲਾਈ 2026 ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਮੰਡੋਲੀ ਜੇਲ੍ਹ ਪ੍ਰਸ਼ਾਸਨ ਨੂੰ ਕਾਨੂੰਨ ਅਨੁਸਾਰ ਪੈਰੋਲ ਅਰਜ਼ੀ 'ਤੇ ਵਿਚਾਰ ਕਰਨ ਦੇ ਨਿਰਦੇਸ਼ ਦਿੱਤੇ। ਇਹ ਵੀ ਸਪੱਸ਼ਟ ਹੈ ਕਿ ਪੈਰੋਲ ਦੇਣ ਦਾ ਅੰਤਿਮ ਫ਼ੈਸਲਾ ਅਦਾਲਤ ਨਹੀਂ, ਸਗੋਂ ਲਾਗੂ ਜੇਲ੍ਹ ਨਿਯਮਾਂ ਅਨੁਸਾਰ ਸਮਰੱਥ ਜੇਲ੍ਹ ਅਥਾਰਿਟੀ ਕਰਦੀ ਹੈ।

ਅੰਤ ਵਿੱਚ, ਜਗਤਾਰ ਸਿੰਘ ਹਵਾਰਾ ਦੀ ਪੈਰੋਲ ਕੇਵਲ ਇੱਕ ਤਕਨੀਕੀ ਕਾਨੂੰਨੀ ਸਵਾਲ ਨਹੀਂ, ਸਗੋਂ ਇੱਕ ਮਾਨਵੀ ਵਿਸ਼ਾ ਵੀ ਹੈ। ਜੇ ਕਾਨੂੰਨ ਇਸ ਦੀ ਆਗਿਆ ਦਿੰਦਾ ਹੈ ਅਤੇ ਸਾਰੇ ਸੁਰੱਖਿਆ ਮਾਪਦੰਡ ਪੂਰੇ ਹੁੰਦੇ ਹਨ, ਤਾਂ ਇੱਕ ਬਜ਼ੁਰਗ ਮਾਂ ਦੀ ਆਪਣੇ ਪੁੱਤਰ ਨੂੰ ਮਿਲਣ ਦੀ ਇੱਛਾ 'ਤੇ ਸੰਵੇਦਨਸ਼ੀਲਤਾ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ। ਮਾਨਵੀ ਕਰੁਣਾ ਅਤੇ ਸੰਵਿਧਾਨਕ ਕਾਨੂੰਨੀ ਵਰਤਾਰਾ ਇਕੱਠੇ ਚੱਲ ਸਕਦੇ ਹਨ, ਪਰ ਸਿਆਸੀ ਮੌਕਾਪ੍ਰਸਤੀ ਨੂੰ ਇਨ੍ਹਾਂ ਦੋਹਾਂ 'ਤੇ ਹਾਵੀ ਨਹੀਂ ਹੋਣ ਦੇਣਾ ਚਾਹੀਦਾ।

**— ਪ੍ਰੋ. ਸਰਚਾਂਦ ਸਿੰਘ ਖਿਆਲਾ, ਭਾਜਪਾ ਪੰਜਾਬ ਬੁਲਾਰਾ ਤੇ ਸਿੱਖ ਚਿੰਤਕ, ਮੋ.: 9781355522**


ਸੱਦਾ-ਪੱਤਰ
ੴ ਸਤਿਗੁਰ ਪ੍ਰਸਾਦਿ ॥
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ
ਬਰਸੀ ਸਮਾਗਮ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ
ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ
(ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਸਰਪ੍ਰਸਤ ਪੰਥਕ ਅਕਾਲੀ ਦਲ
ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕਵੀਸ਼ਰੀ ਅਤੇ ਕੀਰਤਨੀ ਜਥੇ :-
* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ
* ਭਾਈ ਬਿਕਰਮਜੀਤ ਸਿੰਘ ਮਹਿੰਦਪੁਰ ਵਾਲੇ
* ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ (ਪੰਥ ਪ੍ਰਸਿੱਧ ਕਵੀਸ਼ਰ ਜਥਾ)
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ
ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ
ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।
ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਕਰਵਾਈ ਜਾਂਦੀ ਹੈ।
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ
(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ
ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖ਼ਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸਲਾਨਾ ਸਮਾਗਮ 21, 22 ਅਤੇ 23 ਅਗਸਤ 2026

ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘਾਂ ਨੂੰ ਲਗਾ ਕੇ ਸ਼੍ਰੀ ਅਖੰਡ ਪਾਠ ਸਾਹਿਬ ਕਰਵਾਏ ਜਾ ਰਹੇ ਹਨ। ਜਿਸ ਵਿੱਚ ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆ ਦੀ ਪਾਵਨ ਯਾਦ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ੁੱਕਰਵਾਰ 21 ਅਗਸਤ ਸਵੇਰੇ 10:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ ਅਤੇ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ਜਿਸ ਵਿਚ ਪੰਥ ਪ੍ਰਸਿੱਧ ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਭੌਰ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

- ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ 8 :30 ਵਜੇ ਤੱਕ ਦੀਵਾਨ ਸਜਣਗੇ।
- ਐਤਵਾਰ 23 ਅਗਸਤ 2026 ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਵੇਰੇ 10:00 ਵਜੇ ਪੈਣ ਉਪਰੰਤ 13:30 ਵਜੇ ਤੱਕ ਖੁੱਲੇ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਪੰਜਾਬ ਦੀ ਧਰਤੀ ਤੋਂ ਵਿਸ਼ੇਸ਼ ਤੌਰ ਪੁਹੁੰਚ ਰਹੇ ਗਿਆਨੀ ਅਮਰਜੀਤ ਸਿੰਘ ਹੜ੍ਹ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☚ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਲੜੀਵਾਰ
ਗੁਰਬਾਣੀ ਸ਼ਬਦ ਵਿਚਾਰ
ਗੁਰਦੁਆਰਾ
ਬੰਗਲਾ ਸਾਹਿਬ
22 ਅਗਸਤ 2026
ਦਿਨ ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30
ਵਜੇ ਤੱਕ
ਗੁਰਦੁਆਰਾ
ਸੀਸਗੰਜ ਸਾਹਿਬ
23 ਅਗਸਤ 2026
ਦਿਨ ਐਤਵਾਰ ਨੂੰ
ਸਵੇਰੇ 7:30 ਤੋਂ 8:30
ਵਜੇ ਤੱਕ
ਗੁਰਦੁਆਰਾ ਸੀਸਗੰਜ ਸਾਹਿਬ, ਦਿੱਲੀ
GURUDWARA SISGANJ SAHIB, DELHI
ਗੁਰਦੁਆਰਾ ਸੀਸਗੰਜ ਸਾਹਿਬ, ਦਿੱਲੀ
ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸੰਪਰਕ ਨੰ.- 9814015740, 9356060960
ਆਵਾਜ਼ਿ ਕੌਮ
AWAZE QAUM
International Newspaper & WEB TV

### ਪੰਜਾਬ ਬੰਦ ਦੇ ਸੱਦੇ ਨੂੰ ਲੈ ਕੇ ਤਲਵੰਡੀ ਸਾਬੋ 'ਚ ਬੰਦ ਦਾ ਅਸਰ

# ਵੱਖ-ਵੱਖ ਥਾਵਾਂ 'ਤੇ ਧਰਨੇ; ਬੰਦੀ ਸਿੰਘਾਂ ਦੀ ਰਿਹਾਈ ਦਾ ਮੁੱਦਾ ਵੀ ਗੂੰਜਿਆ










ਤਲਵੰਡੀ ਸਾਬੋ, 21 ਅਗਸਤ (ਗੁਰਜੰਟ ਸਿੰਘ ਨਥੇਹਾ)- ਕੌਮੀ ਇਨਸਾਫ ਮੋਰਚੇ ਵੱਲੋਂ ਦਿੱਤੀ ਗਈ ਪੰਜਾਬ ਬੰਦ ਦੀ ਕਾਲ ਨੂੰ ਲੈ ਕੇ ਅੱਜ ਤਲਵੰਡੀ ਸਾਬੋ ਵਿੱਚ ਬੰਦ ਦਾ ਅਸਰ ਦੇਖਣ ਨੂੰ ਮਿਲਿਆ। ਸ਼ਹਿਰ ਦੇ ਬਾਜ਼ਾਰ ਬੰਦ ਰਹੇ, ਜਦਕਿ ਵੱਖ-ਵੱਖ ਥਾਵਾਂ 'ਤੇ ਧਰਨੇ ਦੇ ਕੇ ਲੋਕਾਂ ਵੱਲੋਂ ਆਪਣਾ ਰੋਸ ਪ੍ਰਗਟ ਕੀਤਾ ਗਿਆ। ਇਸ ਦੌਰਾਨ ਸਹਿਕਾਰੀ ਸੁਸਾਇਟੀ ਦੀਆਂ ਚੋਣਾਂ ਨੂੰ ਲੈ ਕੇ ਵੀ ਇਲਾਕੇ ਵਿੱਚ ਮਾਹੌਲ ਗਰਮ ਰਿਹਾ। ਤਲਵੰਡੀ ਸਾਬੋ ਦੇ ਖੰਡਾ ਚੌਂਕ ਵਿਖੇ ਵਾਰਿਸ ਪੰਜਾਬ ਦੇ ਪਾਰਟੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਨਾ ਦਿੱਤਾ ਗਿਆ। ਦੂਜੇ ਪਾਸੇ ਪਿੰਡ ਜਗਾ ਰਾਮ ਤੀਰਥ ਅਤੇ ਜੰਬਰ ਬਸਤੀ ਦੇ ਵਸਨੀਕਾਂ ਵੱਲੋਂ ਜਗਾ ਰਾਮ ਤੀਰਥ ਪਿੰਡ ਦੀ ਮੁੱਖ ਸੜਕ 'ਤੇ ਸਵੇਰੇ 7 ਵਜੇ ਤੋਂ ਧਰਨਾ ਲਗਾ ਕੇ ਆਵਾਜਾਈ ਠੱਪ ਕੀਤੀ ਗਈ। ਜਗਾ ਰਾਮ ਤੀਰਥ ਵਿਖੇ ਲਗਾਏ ਗਏ ਧਰਨੇ ਵਿੱਚ ਵੱਖ-ਵੱਖ ਪਿੰਡਾਂ ਤੋਂ ਨੌਜਵਾਨਾਂ ਅਤੇ ਬਜ਼ੁਰਗਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਤਲਵੰਡੀ ਸਾਬੋ ਸ. ਰਵੀਪ੍ਰੀਤ ਸਿੰਘ ਸਿੱਧੂ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਧਰਨੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਰਵੀਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਜੇਲ੍ਹਾਂ ਵਿੱਚ ਬੰਦ ਸਿੰਘਾਂ ਵਿੱਚੋਂ ਕਈ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਪ੍ਰੰਤੂ ਇਸ ਦੇ ਬਾਵਜੂਦ ਅਜੇ ਤੱਕ ਉਨ੍ਹਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਰਿਹਾਈ ਤਾਂ ਦੂਰ ਦੀ ਗੱਲ ਹੈ, ਅਜੇ ਤੱਕ ਅਜਿਹੇ ਬੰਦੀ ਸਿੰਘਾਂ ਨੂੰ ਪੈਰੋਲ ਤੱਕ ਨਹੀਂ ਦਿੱਤੀ ਜਾ ਰਹੀ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਗੰਭੀਰ ਮਸਲੇ 'ਤੇ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ ਬੰਦੀ ਸਿੰਘਾਂ ਦੇ ਮਾਮਲੇ ਨੂੰ ਗੰਭੀਰਤਾ ਨਾਲ ਵਿਚਾਰਨਾ ਚਾਹੀਦਾ ਹੈ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੈਂਬਰ ਨਿਸ਼ਾਨ ਸਿੰਘ ਬਠਿੰਡਾ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਦਿੱਤੀ ਗਈ ਕਾਲ ਨੂੰ ਲੋਕਾਂ ਵੱਲੋਂ ਪੂਰਨ ਸਮਰਥਨ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਬੰਦ ਦੌਰਾਨ ਕਿਸੇ ਵੀ ਪਾਸੇ ਕਿਸੇ ਵੀ ਕਿਸਮ ਦੀ ਹੁਲੜਬਾਜ਼ੀ ਨਹੀਂ ਹੋਈ ਅਤੇ ਲੋਕਾਂ ਵੱਲੋਂ ਸ਼ਾਂਤਮਈ ਢੰਗ ਨਾਲ ਆਪਣਾ ਰੋਸ ਪ੍ਰਗਟ ਕੀਤਾ ਜਾ ਰਿਹਾ ਹੈ। ਨਿਸ਼ਾਨ ਸਿੰਘ ਬਠਿੰਡਾ ਨੇ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਹੜੇ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਾਰਨ ਕਰਕੇ ਉਨ੍ਹਾਂ ਦੀ ਰਿਹਾਈ ਨਹੀਂ ਕੀਤੀ ਜਾਂਦੀ ਤਾਂ ਘੱਟੋ-ਘੱਟ ਉਨ੍ਹਾਂ ਨੂੰ ਪੈਰੋਲ ਦਿੱਤੀ ਜਾਵੇ। ਇਸੇ ਮੌਕੇ ਪਿੰਡ ਜਗਾ ਰਾਮ ਤੀਰਥ ਦੇ ਗੁਰਦੁਆਰਾ ਦੇ ਹੈੱਡ ਗ੍ਰੰਥੀ ਭਾਈ ਜੱਸਾ ਸਿੰਘ ਕੁੰਡਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਅਤੇ ਮੰਗਾਂ ਨੂੰ ਸਰਕਾਰਾਂ ਵੱਲੋਂ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਪਣੀਆਂ ਮੰਗਾਂ ਅਤੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਦਾ ਹੱਕ ਹੈ ਅਤੇ ਮਸਲਿਆਂ ਦਾ ਹੱਲ ਗੱਲਬਾਤ ਰਾਹੀਂ ਕੱਢਿਆ ਜਾਣਾ ਚਾਹੀਦਾ ਹੈ। ਇਸ ਦੌਰਾਨ ਤਲਵੰਡੀ ਸਾਬੋ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਬੰਦ ਦੇ ਚੱਲਦਿਆਂ ਆਵਾਜਾਈ 'ਤੇ ਵੀ ਅਸਰ ਪਿਆ। ਧਰਨਿਆਂ ਕਾਰਨ ਮੁੱਖ ਸੜਕਾਂ 'ਤੇ ਆਵਾਜਾਈ ਪ੍ਰਭਾਵਿਤ ਹੋਈ। ਪ੍ਰਸ਼ਾਸਨ ਵੱਲੋਂ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਸੁਰੱਖਿਆ ਪ੍ਰਬੰਧ ਕੀਤੇ ਗਏ। ਕੁੱਲ ਮਿਲਾ ਕੇ ਪੰਜਾਬ ਬੰਦ ਦੇ ਸੱਦੇ ਦਾ ਤਲਵੰਡੀ ਸਾਬੋ ਵਿੱਚ ਅਸਰ ਦੇਖਣ ਨੂੰ ਮਿਲਿਆ। ਬਾਜ਼ਾਰ ਬੰਦ ਰਹਿਣ ਦੇ ਨਾਲ-ਨਾਲ ਵੱਖ-ਵੱਖ ਥਾਵਾਂ 'ਤੇ ਧਰਨੇ ਦਿੱਤੇ ਗਏ ਅਤੇ ਬੰਦੀ ਸਿੰਘਾਂ ਦੀ ਰਿਹਾਈ ਦਾ ਮੁੱਦਾ ਵੀ ਧਰਨਿਆਂ ਦੌਰਾਨ ਪ੍ਰਮੁੱਖਤਾ ਨਾਲ ਉਠਾਇਆ ਗਿਆ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਜੀ.ਟੀ.ਬੀ. ਸਕੂਲ ਬਰੜ੍ਹਵਾਲ ਦੇ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਬੈਡਮਿੰਟਨ ਮੁਕਾਬਲਿਆਂ 'ਚ ਗੱਡੇ ਝੰਡੇ; ਸਟੇਟ ਲਈ ਹੋਈ ਚੋਣ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਥਾਨਕ ਪੁਲਿਸ ਲਾਈਨਜ਼ ਸੰਗਰੂਰ ਵਿਖੇ ਆਯੋਜਿਤ ਕੀਤੀਆਂ ਜਾ ਰਹੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਦੌਰਾਨ ਗੁਰੂ ਤੇਗ ਬਹਾਦਰ (ਜੀ.ਟੀ.ਬੀ.) ਪਬਲਿਕ ਸਕੂਲ ਬਰੜ੍ਹਵਾਲ ਦੇ ਵਿਦਿਆਰਥੀਆਂ ਨੇ ਬੈਡਮਿੰਟਨ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਸਕੂਲ ਅਤੇ ਇਲਾਕੇ ਦਾ ਨਾਂ ਰੋਸ਼ਨ ਕੀਤਾ ਹੈ। ਖੇਡਾਂ ਦੇ ਅੰਡਰ-14 ਲੜਕੀਆਂ ਦੇ ਬੈਡਮਿੰਟਨ ਮੁਕਾਬਲਿਆਂ ਵਿੱਚ ਸਕੂਲ ਦੀ ਹੋਣਹਾਰ ਵਿਦਿਆਰਥਣ ਮਨਸੀਰਤ ਕੌਰ (ਪੁੱਤਰੀ ਰੁਪਿੰਦਰ ਸਿੰਘ) ਅਤੇ ਚਾਰੂਲ (ਪੁੱਤਰੀ ਅਮਰਜੀਤ) ਨੇ ਆਪਣੀ ਖੇਡ ਦਾ ਬਹਿਤਰੀਨ ਪ੍ਰਦਰਸ਼ਨ ਕਰਦੇ ਹੋਏ ਚਾਂਦੀ ਦਾ ਤਗਮਾ (ਸਿਲਵਰ ਮੈਡਲ) ਪ੍ਰਾਪਤ ਕੀਤਾ, ਜਦਕਿ ਦੂਜੇ ਪਾਸੇ, ਅੰਡਰ-17 ਲੜਕਿਆਂ ਦੇ ਮੁਕਾਬਲਿਆਂ ਵਿੱਚ ਆਪਣਾ ਦਬਦਬਾ ਕਾਇਮ ਰੱਖਦਿਆਂ ਉਪਰਾਜ ਜੁਝਾਰ ਸਿੰਘ (ਪੁੱਤਰ ਸ਼੍ਰੀ ਰੁਪਿੰਦਰ ਸਿੰਘ) ਅਤੇ ਸਮਰਾਟਦੀਪ ਸਿੰਘ (ਪੁੱਤਰ ਸ਼੍ਰੀ ਗਗਨਦੀਪ ਸਿੰਘ ਰਾਜਪੂਤ) ਨੇ ਸ਼ਾਨਦਾਰ ਖੇਡ ਦਾ ਮੁਜ਼ਾਹਰਾ ਕਰਦੇ ਹੋਏ ਸੋਨੇ ਦਾ ਤਗਮਾ ਆਪਣੇ ਨਾਂ ਕੀਤਾ। ਇਸ ਬਹਿਤਰੀਨ ਜਿੱਤ ਦੀ ਬਦੌਲਤ ਇਹਨਾਂ ਚਾਰੇ ਖਿਡਾਰੀਆਂ ਨੇ ਰਾਜ ਪੱਧਰੀ ਖੇਡ ਮੁਕਾਬਲਿਆਂ ਲਈ ਆਪਣੀ ਥਾਂ ਪੱਕੀ ਕਰ ਲਈ ਹੈ। ਇਹਨਾਂ ਜੇਤੂ ਖਿਡਾਰੀਆਂ ਦੀ ਹੌਂਸਲਾ ਅਫ਼ਜ਼ਾਈ ਲਈ ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ (ਪੀ.ਸੀ.ਐੱਸ.) , ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਡਾ. ਅਨਵਰ ਭਸੌੜ ਅਤੇ ਬੈਡਮਿੰਟਨ ਕੋਚ ਸ੍ਰੀ ਪਰਮਿੰਦਰ ਸਿੰਘ ਵਿੱਕੀ ਉਚੇਚੇ ਤੌਰ 'ਤੇ ਹੋਣਹਾਰ ਖਿਡਾਰੀਆਂ ਨੂੰ ਸਨਮਾਨਿਤ ਕਰਦਿਆਂ ਮੁਬਾਰਕਬਾਦ ਦਿੱਤੀ ਅਤੇ ਭਵਿੱਖ ਵਿੱਚ ਸਟੇਟ ਤੇ ਨੈਸ਼ਨਲ ਪੱਧਰ 'ਤੇ ਹੋਰ ਵੱਡੀਆਂ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ।

# 1984 ਦੇ ਸਿੱਖ ਕਤਲੇਆਮ ਦੇ ਦੋਸ਼ੀ ਕਾਤਲ ਮਰਦੇ ਗਏ, ਪਰ ਸਿੱਖਾਂ ਲਈ ਇਨਸਾਫ਼ ਅੱਜ ਵੀ ਕਿਉਂ ਤਰਸਦਾ ਤੇ ਜਿਉਂਦਾ ਹੈ ?

## ਸਿੱਖ ਕੌਮ ਦੇ ਜ਼ਖ਼ਮਾਂ 'ਤੇ 42 ਸਾਲ ਬਾਅਦ ਵੀ ਜਾਰੀ ਹੈ ਸਿਆਸੀ ਖਾਮੋਸ਼ੀ

ਨਵੀਂ ਦਿੱਲੀ 21 ਅਗਸਤ (ਮਨਪ੍ਰੀਤ ਸਿੰਘ ਖਾਲਸਾ):- 1984 ਦੇ ਸਿੱਖ ਕਤਲੇਆਮ ਨਾਲ ਜੁੜੇ ਦੋਸ਼ੀਆਂ ਵਿੱਚ ਗਿਣੇ ਜਾਂਦੇ ਸੱਜਣ ਕੁਮਾਰ ਦੀ ਮੰਡੋਲੀ-ਤਿਹਾੜ ਜੇਲ੍ਹ ਵਿੱਚ ਲਗਭਗ ਸਾਢੇ ਸੱਤ ਸਾਲ ਦੀ ਸਜ਼ਾ ਭੁਗਤਣ ਤੋਂ ਬਾਅਦ ਮੌਤ ਹੋ ਗਈ। ਇਸ ਤੋਂ ਪਹਿਲਾਂ ਐੱਚ.ਕੇ. ਐੱਲ. ਭਗਤ, ਨਰਸਿੰਹਾ ਰਾਓ, ਭਜਨ ਲਾਲ ਅਤੇ ਹੋਰ ਕਈ ਚਿਹਰੇ ਵੀ ਦੁਨੀਆ ਤੋਂ ਰੁਖਸਤ ਹੋ ਗਏ। ਪਰ ਪੰਥ ਦਾ ਸਵਾਲ ਅੱਜ ਵੀ ਉਹੀ ਹੈ—ਕੀ ਇਨਸਾਫ਼ ਇੰਨਾ ਦੇਰ ਨਾਲ ਮਿਲੇ ਕਿ ਦੋਸ਼ੀ ਆਪਣੀ ਜ਼ਿੰਦਗੀ ਪੂਰੀ ਕਰ ਜਾਣ ਤੇ ਪੀੜਤ ਸਿਰਫ਼ ਉਡੀਕ ਕਰਦਾ ਰਹੇ ? ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ



ਜਰਮਨੀ ਤੋਂ ਬੱਬਰ ਖਾਲਸਾ ਦੇ ਜਥੇਦਾਰ ਭਾਈ ਰੇਸ਼ਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ ਬੱਬਰ, ਭਾਈ ਗੁਰਮੀਤ ਸਿੰਘ ਖਨੀਆਣ ਅਤੇ ਭਾਈ ਗੁਰਦਿਆਲ ਸਿੰਘ ਲਾਲੀ ਨੇ ਕਿਹਾ ਕਿ 1984 ਸਿੱਖ ਕੌਮ ਲਈ ਕੋਈ ਬੀਤਿਆ ਹੋਇਆ ਅਧਿਆਇ ਨਹੀਂ। ਨਿਰਦੋਸ਼ ਸਿੱਖਾਂ ਨੂੰ ਜਿਉਂਦੇ ਸਾੜਨਾ, ਸਿੱਖ ਬੀਬੀਆਂ ਨਾਲ ਬੇਹੁਰਮਤੀ, ਘਰਾਂ ਅਤੇ ਜਾਇਦਾਦਾਂ ਦੀ ਲੁੱਟ-ਅੱਗਜ਼ਨੀ ਅਤੇ ਗੁਰਦੁਆਰਾ ਸਾਹਿਬਾਨ ਉੱਤੇ ਹਮਲਿਆਂ ਦਾ ਦਰਦ ਅੱਜ ਵੀ ਹਜਾਰਾਂ ਸਿੱਖ ਪਰਿਵਾਰਾਂ ਦੀਆਂ ਪੀੜ੍ਹੀਆਂ ਵਿੱਚ ਜਿਉਂਦਾ ਹੈ। ਜਦੋਂ ਦੋਸ਼ੀਆਂ ਦੀ ਮੌਤ ਹੋ ਜਾਵੇ ਅਤੇ ਮਾਮਲੇ ਅਧੂਰੇ ਰਹਿ ਜਾਣ ਤਾਂ ਇਹ ਸਿਰਫ਼ ਦੇਰੀ ਨਹੀਂ, ਸਗੋਂ ਨਿਆਂ ਪ੍ਰਣਾਲੀ ਸਾਹਮਣੇ ਇੱਕ ਗੰਭੀਰ ਸਵਾਲ ਹੈ। ਜਥੇਦਾਰ ਭਾਈ ਰੇਸ਼ਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ ਬੱਬਰ, ਭਾਈ ਗੁਰਮੀਤ ਸਿੰਘ ਖਨੀਆਣ ਅਤੇ ਭਾਈ ਗੁਰਦਿਆਲ ਸਿੰਘ ਲਾਲੀ ਨੇ ਕਿਹਾ ਕਿ ਪੰਥ ਨੂੰ 1984 ਦੇ ਇਨਸਾਫ਼ ਲਈ ਕਾਨੂੰਨੀ ਲੜਾਈ, ਸਬੂਤਾਂ ਦੀ ਸੰਭਾਲ ਅਤੇ ਪੀੜਤ ਪਰਿਵਾਰਾਂ ਦੀ ਪੈਰਵੀ ਨੂੰ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਈ ਸਤਵੰਤ ਸਿੰਘ, ਭਾਈ ਬੇਅੰਤ ਸਿੰਘ, ਭਾਈ ਕੇਹਰ ਸਿੰਘ ਅਤੇ ਭਾਈ ਜਿੰਦਾ-ਸੁੱਖਾ ਦੇ ਇਤਿਹਾਸ ਨੂੰ ਵੀ ਉਸ ਦੌਰ ਦੇ ਪੰਥਕ ਹਾਲਾਤ ਅਤੇ ਉਨ੍ਹਾਂ ਦੀ ਕੁਰਬਾਨੀ ਦੇ ਸੰਦਰਭ ਵਿੱਚ ਸਮਝਣ ਦੀ ਲੋੜ ਹੈ। ਉਨ੍ਹਾਂ ਸਵਾਲ ਕੀਤਾ ਕਿ ਜਦੋਂ ਇੰਦਰਾ ਗਾਂਧੀ, ਲਲਿਤ ਮਾਕਨ ਅਤੇ ਜਨਰਲ ਵੈਦ ਸਮੇਤ ਹੋਰ ਵਿਅਕਤੀਆਂ ਵਿਰੁੱਧ ਸਿੰਘਾਂ ਨੇ ਉਸ ਦੌਰ ਵਿੱਚ ਕਾਰਵਾਈ ਕੀਤੀ ਅਤੇ ਆਪਣੇ ਨਜ਼ਰੀਏ ਅਨੁਸਾਰ ਪੰਥਕ ਜਵਾਬ ਦਿੱਤਾ, ਤਾਂ ਅੱਜ ਪੰਥ 1984 ਦੇ ਇਨਸਾਫ਼ ਦੇ ਸਵਾਲ 'ਤੇ ਪਿੱਛੇ ਕਿਉਂ ਹਟ ਰਿਹਾ ਹੈ ? ਕੀ ਦਹਾਕਿਆਂ ਦੀ ਦੇਰੀ ਸਾਡੀ ਯਾਦ ਅਤੇ ਸਾਡੀ ਦ੍ਰਿੜਤਾ ਨੂੰ ਵੀ ਕਮਜ਼ੋਰ ਕਰ ਦੇਵੇਗੀ ? ਇਤਿਹਾਸ ਦਾ ਸਬਕ ਇਹ ਹੈ ਕਿ ਜੇ ਪੰਥ ਆਪਣੇ ਹੱਕ, ਸੱਚ ਅਤੇ ਇਨਸਾਫ਼ ਦੇ ਸਵਾਲ ਨੂੰ ਆਪ ਹੀ ਠੰਢਾ ਕਰ ਦੇਵੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਜਵਾਬ ਕੌਣ ਦੇਵੇਗਾ ? ਉਨ੍ਹਾਂ ਕਿਹਾ ਕਿ ਦੋਸ਼ੀ ਮਰ ਸਕਦੇ ਹਨ, ਕੇਸ ਲਟਕ ਸਕਦੇ ਹਨ ਅਤੇ ਸਮਾਂ ਬੀਤ ਸਕਦਾ ਹੈ, ਪਰ 1984 ਦਾ ਸਵਾਲ ਨਹੀਂ ਮਰ ਸਕਦਾ। ਪੰਥ ਨੂੰ ਬਦਲੇ ਦੀ ਨਹੀਂ, ਸਗੋਂ ਸੱਚ, ਇਤਿਹਾਸ ਅਤੇ ਕਾਨੂੰਨੀ ਜਵਾਬਦੇਹੀ ਦੀ ਲੜਾਈ ਨੂੰ ਮਜ਼ਬੂਤੀ ਨਾਲ ਜਾਰੀ ਰੱਖਣਾ ਹੋਵੇਗਾ।

### ਬਲਜੀਤ ਕੌਰ ਦੇ ਜਨਮਦਿਨ ’ਤੇ ਪਰਗਟ ਸਿੰਘ ਵੱਲੋਂ

# ਜ਼ਿੰਦਗੀ ਦੇ ਖ਼ੂਬਸੂਰਤ ਸਫ਼ਰ ਅਤੇ ਪਿਆਰ ਦਾ ਪ੍ਰਗਟਾਵਾ

22 ਅਗਸਤ 1988 ਨੂੰ ਜਨਮੀ ਬਲਜੀਤ ਦੇ ਆਉਣ ਨਾਲ ਰੌਸ਼ਨ ਹੋਈ ਪਰਗਟ ਦੀ ਦੁਨੀਆ: ਧੀਆਂ ਪ੍ਰਬਲ ਤੇ ਰਹਿਮਤ ਨਾਲ ਬੁਣਿਆ ਰਹਿਮਤਾਂ ਭਰਿਆ ਪਰਿਵਾਰ

**ਜ਼ਿੰਦਗੀ ਦੇ ਖ਼ੂਬਸੂਰਤ ਸਫ਼ਰ ਦੀ ਇੱਕ ਖਾਸ ਝਲਕ**-22 ਅਗਸਤ 1988 ਨੂੰ ਜਨਮੀ ਮੇਰੀ ਜੀਵਨ-ਸਾਥਣ ਬਲਜੀਤ ਕੌਰ ਦੇ ਜਨਮਦਿਨ ਦੇ ਇਸ ਖਾਸ ਮੌਕੇ ’ਤੇ, ਮੈਂ (ਪਰਗਟ ਸਿੰਘ) ਦਿਲ ਦੀਆਂ ਗਹਿਰਾਈਆਂ ਤੋਂ ਸ਼ੁਕਰਗੁਜ਼ਾਰੀ ਪ੍ਰਗਟ ਕਰਦਾ ਹਾਂ। ਤੇਰੇ ਮੇਰੀ ਜ਼ਿੰਦਗੀ ਵਿੱਚ ਆਉਣ ਨਾਲ ਹਰ ਦਿਨ ਖੁਸ਼ੀਆਂ ਨਾਲ ਭਰ ਗਿਆ ਹੈ। ਸਾਡੇ ਇਸ ਪਿਆਰੇ ਪਰਿਵਾਰ ਵਿੱਚ ਸਾਡੀਆਂ ਦੋ ਧੀਆਂ — ਪ੍ਰਬਲ ਸਿੰਘ ਚੌਹਾਨ (ਜਨਮ: 17 ਜੂਨ 2016) ਅਤੇ ਰਹਿਮਤ ਕੌਰ (ਜਨਮ: 25 ਦਸੰਬਰ 2020) ਦੀਆਂ ਕਿਲਕਾਰੀਆਂ ਨੇ ਸਾਡੇ ਘਰ ਨੂੰ ਸੱਚਮੁੱਚ ਰਹਿਮਤਾਂ ਅਤੇ ਖੇੜਿਆਂ ਨਾਲ ਲਬਰੇਜ਼ ਕਰ ਦਿੱਤਾ ਹੈ।



ਤੇਰੇ ਮੇਰੇ ਇਸ ਅਟੁੱਟ ਰਿਸ਼ਤੇ ਅਤੇ ਮੇਰੇ ਦਿਲ ਦੇ ਜਜ਼ਬਾਤਾਂ ਨੂੰ ਬਿਆਨ ਕਰਨ ਲਈ ਪੰਜਾਬੀ ਸਾਹਿਤ ਦੇ ਮਹਾਨ ਕਵੀਆਂ ਦੀਆਂ ਇਹ ਸਤਰਾਂ ਮੇਰੀ ਸ਼ੁਕਰਗੁਜ਼ਾਰੀ ਨੂੰ ਹੋਰ ਵੀ ਗੂੜ੍ਹਾ ਰੰਗ ਦਿੰਦੀਆਂ ਹਨ:

* ਅਮ੍ਰਿਤਾ ਪ੍ਰੀਤਮ:

› “ਮੈਂ ਤੈਨੂੰ ਫੇਰ ਮਿਲਾਂਗੀ...

› ਕਿਥੇ ? ਕਿਸ ਤਰ੍ਹਾਂ ? ਪਤਾ ਨਹੀਂ...

› ਤੇਰੇ ਕੈਨਵਸ ’ਤੇ ਉਤਰਾਂਗੀ, ਜਾਂ ਇੱਕ ਰਹੱਸਮਈ ਲਕੀਰ ਬਣ ਕੇ ਤੈਨੂੰ ਤੱਕਦੀ ਰਹਾਂਗੀ।÷

›

* ਸ਼ਿਵ ਕੁਮਾਰ ਬਟਾਲਵੀ:

› “ਜਿੱਥੇ ਇਤਰਾਂ ਦੇ ਵਹਿੰਦੇ ਨੇ ਦਰਿਆ, ਉਹ ਮੇਰੇ ਪ੍ਰੀਤਮ ਦਾ ਘਰ ਹੈ...

› ਜਿੱਥੇ ਪੌਣਾਂ ਵੀ ਰੁਕ ਰੁਕ ਲੰਘਦੀਆਂ, ਉਹ ਮੇਰੇ ਪ੍ਰੀਤਮ ਦਾ ਘਰ ਹੈ।”

* ਪਾਸ਼:

› “ਸਭ ਤੋਂ ਖ਼ਤਰਨਾਕ ਹੁੰਦਾ ਹੈ ਸਾਡੇ ਸੁਪਨਿਆਂ ਦਾ ਮਰ ਜਾਣਾ...

› ਜਿੱਥੇ ਤੂੰ ਨਾਲ ਹੈਂ, ਉੱਥੇ ਹਰ ਸੁਪਨਾ ਜਿਊਂਦਾ ਤੇ ਰੌਸ਼ਨ ਹੈ।”

* ਸੁਰਜੀਤ ਪਾਤਰ:

“ਕੁਝ ਕਿਹਾ ਤਾਂ ਹਨੇਰਾ ਜਰੇਗਾ ਕਿਵੇਂ, ਚੁੱਪ ਰਿਹਾ ਤਾਂ ਸ਼ਮ੍ਹਾ ਦਿਲ ਦੀ ਬੁਝਦੀ ਹੈ...

ਤੇਰੇ ਆਉਣ ਨਾਲ ਮੇਰੀ ਜ਼ਿੰਦਗੀ ਵਿੱਚ ਰੋਸ਼ਨੀ ਦਾ ਚਾਨਣ ਹੋਇਆ ਹੈ।”

-ਪ੍ਰੋ. ਮੋਹਨ ਸਿੰਘ:

“ਇਸ਼ਕ ਅਨੋਖਾ ਖੇਲ ਹੈ ਜਿੱਥੇ ਹਰ ਕੋਈ ਜਿੱਤਣਾ ਚਾਹੁੰਦਾ ਹੈ...

ਪਰ ਮੈਂ ਤੈਨੂੰ ਪਾ ਕੇ ਜ਼ਿੰਦਗੀ ਦੀ ਸਭ ਤੋਂ ਵੱਡੀ ਜਿੱਤ ਹਾਸਲ ਕੀਤੀ ਹੈ।”

ਪਰਿਵਾਰਕ ਖੁਸ਼ੀਆਂ ਅਤੇ ਰਹਿਮਤਾਂ ਦਾ ਸੁਮੇਲ

ਸਾਡੀਆਂ ਦੋਵੇਂ ਧੀਆਂ ਸਾਡੇ ਪਿਆਰ ਦਾ ਪ੍ਰਤੀਕ ਹਨ। 17 ਜੂਨ 2016 ਨੂੰ ਜਨਮੀ ਪ੍ਰਬਲ ਸਿੰਘ ਚੌਹਾਨ ਦੀ ਸਮਝਦਾਰੀ ਅਤੇ 25 ਦਸੰਬਰ 2020 ਨੂੰ ਜਨਮੀ ਰਹਿਮਤ ਕੌਰ ਦੀ ਨਾਦਾਨੀ ਸਾਡੇ ਘਰ ਦੀ ਰੌਣਕ ਹੈ। ਇੱਕ ਸਮਰਪਿਤ ਪਤਨੀ ਅਤੇ ਮਾਂ ਦੇ ਰੂਪ ਵਿੱਚ ਬਲਜੀਤ ਦਾ ਸਮਰਪਣ ਅਤੇ ਪਿਆਰ ਹੀ ਸਾਡੇ ਪਰਿਵਾਰ ਦੀ ਅਸਲ ਤਾਕਤ ਹੈ।

22 ਅਗਸਤ ਦੇ ਇਸ ਸੁਭੱਗੇ ਦਿਨ ’ਤੇ ਮੈਂ ਅਰਦਾਸ ਕਰਦਾ ਹਾਂ ਕਿ ਬਲਜੀਤ ਦੀ ਜ਼ਿੰਦਗੀ ਹਮੇਸ਼ਾ ਤੰਦਰੁਸਤੀ, ਖੁਸ਼ੀਆਂ ਅਤੇ ਹਾਸਿਆਂ ਨਾਲ ਭਰੀ ਰਹੇ। ਜ਼ਿੰਦਗੀ ਦੇ ਹਰ ਮੋੜ ’ਤੇ ਸਾਡਾ ਇਹ ਸਾਥ ਇਸੇ ਤਰ੍ਹਾਂ ਅਟੁੱਟ ਰਹੇ।

**ਤੁਹਾਨੂੰ ਜਨਮਦਿਨ ਦੀਆਂ ਬਹੁਤ-ਬਹੁਤ ਮੁਬਾਰਕਾਂ !**

### ਅੰਮ੍ਰਿਤਸਰ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਲਈ

# ਪੰਜਾਬ ਬੰਦ ਨੂੰ ਮਿਲਿਆ ਭਰਵਾਂ ਹੁੰਗਾਰਾ



**ਅੰਮ੍ਰਿਤਸਰ 21 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੌਮੀ ਇਨਸਾਫ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਦਿੱਤੇ ਪੰਜਾਬ ਬੰਦ ਦੇ ਸੱਦੇ ਨੂੰ ਅੱਜ ਜਿੱਥੇ ਸਮੁੱਚੇ ਪੰਜਾਬ ਵਿੱਚ ਚੰਗਾ ਅਸਰ ਵੇਖਣ ਨੂੰ ਮਿਲਿਆ ਉਥੇ ਅੰਮ੍ਰਿਤਸਰ ਵਿੱਚ ਵੀ ਭਰਵਾਂ ਹੁੰਗਾਰਾ ਮਿਲਿਆ। ਭਾਈ ਸ਼ਮਸ਼ੇਰ ਸਿੰਘ ਪੱਧਰੀ ( ਮੀਡੀਆ ਇੰਚਾਰਜ ਪੰਜਾਬ ), ਭਾਈ ਅਮਨਦੀਪ ਸਿੰਘ ਡੱਡੂਆਣਾਂ ( ਪ੍ਰਧਾਨ ਅੰਮ੍ਰਿਤਸਰ ਸ਼ਹਿਰੀ ) ਅਤੇ ਭਾਈ ਸੁਖਬੀਰ ਸਿੰਘ ਚੀਮਾਂ ( ਪ੍ਰਧਾਨ ਯੂਥ ਵਿੰਗ, ਅੰਮ੍ਰਿਤਸਰ ਸ਼ਹਿਰੀ ) ਦੀ ਅਗਵਾਈ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਦੀਆਂ ਵੱਖ-ਵੱਖ ਟੀਮਾਂ ਵੱਲੋਂ ਇਲਾਕਿਆਂ ਵਿੱਚ ਪਹੁੰਚ ਕੇ ਦੁਕਾਨਦਾਰਾਂ, ਵਪਾਰੀਆਂ ਅਤੇ ਹੋਰ ਅਦਾਰਿਆਂ ਨੂੰ ਸ਼ਾਂਤੀਪੂਰਵਕ ਬੰਦ ਵਿੱਚ ਸਹਿਯੋਗ ਦੀ ਅਪੀਲ ਕੀਤੀ ਗਈ। ਲੋਕਾਂ ਵੱਲੋਂ ਇਸ ਅਪੀਲ ਨੂੰ ਭਰਵਾਂ ਸਮਰਥਨ ਦਿੰਦਿਆਂ ਆਪਣੇ ਕਾਰੋਬਾਰ ਬੰਦ ਰੱਖੇ ਗਏ। ਆਗੂਆਂ ਨੇ ਕਿਹਾ ਕਿ ਅੱਜ ਦੇ ਬੰਦ ਨੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਪ੍ਰਤੀ ਪੰਜਾਬ ਵਾਸੀਆਂ ਦੀ ਗੰਭੀਰਤਾ ਅਤੇ ਇਕਜੁੱਟਤਾ ਨੂੰ ਪ੍ਰਗਟ ਕੀਤਾ ਹੈ। ਉਨ੍ਹਾਂ ਸਹਿਯੋਗ ਦੇਣ ਵਾਲੇ ਸਮੂਹ ਦੁਕਾਨਦਾਰਾਂ, ਵਪਾਰੀਆਂ ਅਤੇ ਪੰਜਾਬ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਵਰਕਰ ਸਾਹਿਬਾਨ ਅਤੇ ਆਗੂ ਸਾਹਿਬਾਨ ਵੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ, ਜਿਨ੍ਹਾਂ ਵਿੱਚ ਭਾਈ ਪ੍ਰਗਟ ਸਿੰਘ ਮੀਰਾਂਕੋਟ, ਭਾਈ ਦਯਾ ਸਿੰਘ, ਭਾਈ ਜਰਮਨਦੀਪ ਸਿੰਘ, ਭਹਈ ਮਹਿੰਦਰਪਾਲ ਸਿੰਘ ਤੁੰਗ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਅਜੈਬਦੀਪ ਸਿੰਘ, ਭਾਈ ਹਰਪ੍ਰੀਤ ਸਿੰਘ, ਭਾਈ ਸੰਦੀਪ ਸਿੰਘ, ਭਾਈ ਨਵਦੀਪ ਸਿੰਘ, ਭਾਈ ਬਾਬਾ ਗੁਰਪਾਲ ਸਿੰਘ ਜੀ, ਭਾਈ ਰਘਬੀਰ ਸਿੰਘ ਜੀ, ਭਾਈ ਅਜੇਪਾਲ ਸਿੰਘ ਜੀ, ਭਾਈ ਮਨਜੀਤ ਸਿੰਘ, ਭਾਈ ਰਣਜੀਤ ਸਿੰਘ, ਭਾਈ ਦਲਜੀਤ ਸਿੰਘ ਜੀ, ਭਾਈ ਸੁਖਰਾਜ ਸਿੰਘ ਜੀ ਸੁਲਤਾਨਵਿੰਡ ਅਤੇ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਸਾਹਿਬਾਨ ਹਾਜ਼ਰ ਸਨ।

## ਅਕਾਲੀ ਦਲ ਵਾਰਿਸ ਪੰਜਾਬ ਦੇ ਦੀਆਂ ਟੀਮਾਂ ਵੱਲੋਂ ਸ਼ਾਂਤੀਪੂਰਵਕ ਅਪੀਲ, ਲੋਕਾਂ ਨੇ ਦਿੱਤਾ ਪੂਰਨ ਸਹਿਯੋਗ



# ਸ਼ਹੀਦ ਬ੍ਰਿਗੇਡੀਅਰ ਬਲਵਿੰਦਰ ਸਿੰਘ ਸ਼ੇਰ ਗਿੱਲ ਜੀ ਦੇ 26ਵਾਂ ਸ਼ਹੀਦੀ ਦਿਵਸ ਮਨਾਇਆ



**ਧਨੌਲਾ ( ਰਣਜੀਤ ਸਿੰਘ ਪੇਧਨੀ )**-ਪਿੰਡ ਦਾਨਗੜ੍ਹ (ਬਰਨਾਲ਼ਾ) ਵਿਖੇ ਸ਼ਹੀਦ ਬ੍ਰਿਗੇਡੀਅਰ ਬਲਵਿੰਦਰ ਸਿੰਘ ਸ਼ੇਰ ਗਿੱਲ ਜੀ ਦੇ 26ਵੇਂ ਸ਼ਹੀਦੀ ਦਿਵਸ ਨਮਿਤ ਗੁਰਦੁਆਰਾ ਤਪਿਆਣਾ ਸਾਹਿਬ ਵਿਖੇ ਸਵੇਰ ਦੇ ਨਿੱਤਨੇਮ ਸਮੇਂ ਸ਼ਹੀਦੀ ਅਰਦਾਸ ਕੀਤੀ ਗਈ। ਇਸ ਤੋਂ ਉਪਰੰਤ ਸ਼ਹੀਦ ਬ੍ਰਿਗੇਡੀਅਰ ਸ਼ੇਰ ਗਿੱਲ ਸਪੋਰਟਸ ਕਲੱਬ (ਰਜਿ:)ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾਨਗੜ੍ਹ ਵਿਖੇ ਸ਼ਹੀਦ ਬ੍ਰਿਗੇਡੀਅਰ ਸ਼ੇਰ ਗਿੱਲ ਜੀ ਯਾਦ ਵਿੱਚ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਤੇ ਖਿਡਾਰੀਆਂ ਦਾ ਸਨਮਾਨ ਸਮਾਰੋਹ ਕਰਵਾਇਆ ਗਿਆ,ਜਿਸ ਦੇ ਮੁੱਖ ਮਹਿਮਾਨ ਸ੍ਰ ਸੁਨੀਤਇੰਦਰ ਸਿੰਘ ਗਿੱਲ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਬਰਨਾਲ਼ਾ ਸਨ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉੱਚ ਸਿੱਖਿਆ ਗ੍ਰਹਿਣ ਕਰਨ ਦੇ ਨਾਲ ਸਮਾਜ ਚ ਚੰਗੀਆਂ ਕਦਰਾਂ ਕੀਮਤਾਂ ਅਪਣਾ ਕੇ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਇੰਜ: ਗੁਰਜਿੰਦਰ ਸਿੰਘ ਸਿੱਧੂ ਪ੍ਰਧਾਨ ਸੈਨਿਕ ਵਿੰਗ ਪੰਜਾਬ ਜੀ ਨੇ ਵਿਦਿਆਰਥੀਆਂ ਨੂੰ ਫੌਜ ਵਿੱਚ ਅਫਸਰ ਭਰਤੀ ਹੋ ਕੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਲਈ ਪ੍ਰੇਰਿਤ ਕੀਤਾ ਤੇ ਸ਼ਹੀਦ ਫ਼ੌਜੀਆਂ ਦੀ ਬਹਾਦਰੀ ਭਰੇ ਕਾਰਨਾਮਿਆਂ ਤੇ ਚਾਨਣਾ ਪਾਇਆ। ਇਸ ਸਮਾਗਮ ਚ ਪਿਛਲੇ ਸਮੇਂ ਸਕੂਲ ਚ ਕਈ ਸਾਲ ਸੇਵਾ ਕਰਨ ਉਪਰੰਤ ਸੇਵਾਮੁਕਤ ਹੋਏ ਅਧਿਆਪਕਾਂ ਸ੍ਰ ਰਣਧੀਰ ਸਿੰਘ ਬਾਠ (ਸਾਇੰਸ ਮਾਸਟਰ)ਸ੍ਰ ਹਰਨੇਕ ਸਿੰਘ ਗਿੱਲ ( ਸ.ਸ. ਮਾਸਟਰ) ਬੀਬੀ ਨਸੀਬ ਕੌਰ ਤੇ ਬੀਬੀ ਹਰਬੰਸ ਕੌਰ (ਦੋਵੇਂ ਰਿਟਾ: ਹੈੱਡ ਟੀਚਰ) ਅਤੇ ਸਕੂਲ ਦੇ ਪਹਿਲੀ ਤੋਂ ਬਾਰ੍ਹਵੀਂ ਤੱਕ ਦੇ ਹੋਣਹਾਰ ਵਿਦਿਆਰਥੀਆਂ ਤੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਸਮੇਂ ਸ੍ਰ ਬਰਜਿੰਦਰਪਾਲ ਸਿੰਘ ਉਪ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਬਰਨਾਲ਼ਾ,ਸੂਬੇਦਾਰ ਸੱਜਣ ਸਿੰਘ ਗਿੱਲ ਜੀ ਨੇ ਆਪਣੇ ਵਿਚਾਰ ਸਾਂਝੇ ਕੀਤੇ। ਸ੍ਰ ਅਵਤਾਰ ਸਿੰਘ ਕਾਲ਼ਾ (ਕਲੱਬ ਪ੍ਰਧਾਨ) ਸ੍ਰ ਅਵਤਾਰ ਸਿੰਘ ਗਿੱਲ ਤੇ ਸ੍ਰ ਸੁਰਜੀਤ ਸਿੰਘ ਧਨੌਲਾ,ਕਾਨੂੰਗੋ ਰਿਟਾ: ਨੇ ਵੀ ਸਮਾਗਮ ਚ ਸ਼ਮੂਲੀਅਤ ਕੀਤੀ, ਸਟੇਜ ਦੀ ਅਹਿਮ ਭੂਮਿਕਾ ਡਾ. ਤੇਜਾ ਸਿੰਘ ਤਿਲਕ ਜੀ ਨੇ ਨਿਭਾਈ, ਸਮਾਗਮ ਦੀ ਸਮਾਪਤੀ ਸਮੇਂ ਸਕੂਲ ਦੇ ਪ੍ਰਿੰਸੀਪਲ ਸ੍ਰ ਗੁਰਜਿੰਦਰ ਸਿੰਘ ਰਸੀਆਂ ਨੇ ਸਮੂਹ ਪ੍ਰਾਇਮਰੀ ਤੇ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਸਨਮਾਨਿਤ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ।

## ਡਾਕੂਮੈਂਟਰੀ ਨਹੀਂ, ਪੰਜਾਬ ਦਾ ਰਿਪੋਰਟ ਕਾਰਡ ਜਾਰੀ ਕਰੇ ਮਾਨ ਸਰਕਾਰ: ਪ੍ਰੋ. ਸਰਚਾਂਦ ਸਿੰਘ ਖਿਆਲਾ



ਅੰਮ੍ਰਿਤਸਰ, 21 ਅਗਸਤ: ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਜੀਵਨੀ ਆਧਾਰਿਤ ਡਾਕੂਮੈਂਟਰੀ “From Satoj to Parliament (ਸਤੌਜ ਤੋਂ ਸੰਸਦ)” ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਸਰਕਾਰੀ ਸਰੋਤਾਂ ਨਾਲ ਤਿਆਰ ਕੀਤਾ ਗਿਆ ਸਿਆਸੀ ਪ੍ਰਚਾਰ ਕਰਾਰ ਦਿੰਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਪ੍ਰਚਾਰ ਫ਼ਿਲਮ ਨਹੀਂ, ਸਗੋਂ ਸਾਢੇ ਚਾਰ ਸਾਲਾਂ ਦੀ ਹਕੀਕਤੀ ਕਾਰਗੁਜ਼ਾਰੀ ਦਾ ਰਿਪੋਰਟ ਕਾਰਡ ਚਾਹੀਦਾ ਹੈ। ਪ੍ਰੋ. ਖਿਆਲਾ ਨੇ ਸਵਾਲੀਆ ਲਹਿਜ਼ੇ ਵਿੱਚ ਕਿਹਾ ਕਿ ਮਾਸਟਰ ਦੇ ਪੁੱਤਰ ਹੋਣਾ ਨਿਸ਼ਚਤ ਤੌਰ ’ਤੇ ਮਾਣ ਵਾਲੀ ਗੱਲ ਹੈ, ਪਰ ਕੀ ਸਿਰਫ਼ ਇਸ ਭਾਵਨਾਤਮਕ ਕਹਾਣੀ ਦੇ ਆਧਾਰ ’ਤੇ ਸਰਕਾਰ ਦੀ ਕਾਰਗੁਜ਼ਾਰੀ ਮਾਪੀ ਜਾ ਸਕਦੀ ਹੈ ? ਕੀ “ਮਿੱਟੀ ਨਾਲ ਜੁੜੇ ਇਨਸਾਨ” ਦੀ ਤਸਵੀਰ ਪੇਸ਼ ਕਰਨ ਨਾਲ ਪੰਜਾਬ ਦੇ ਨੌਜਵਾਨਾਂ ਦੀ ਬੇਰੁਜ਼ਗਾਰੀ, ਕਿਸਾਨਾਂ ਦੀ ਪੀੜਾ ਅਤੇ ਕਰਜ਼ੇ ਹੇਠ ਦੱਬੇ ਸੂਬੇ ਦੀ ਹਕੀਕਤ ਬਦਲ ਜਾਂਦੀ ਹੈ ? ਉਨ੍ਹਾਂ ਕਿਹਾ ਕਿ ਜਿਹੜਾ ਵਿਅੰਗਕਾਰ ਕਦੇ ਲੋਕਾਂ ਨੂੰ ਹਸਾਉਂਦਾ ਸੀ, ਅੱਜ ਉਸ ਦੀ ਸਰਕਾਰ ਦੀਆਂ ਨੀਤੀਆਂ ਲੋਕਾਂ ਨੂੰ ਰੁਲਾ ਰਹੀਆਂ ਹਨ। ਕੀ ਇਹੀ “ਸ਼ਾਸਨ ਦਾ ਨਵਾਂ ਮਾਪਦੰਡ” ਹੈ ਕਿ ਪੰਜਾਬ ਨਸ਼ਿਆਂ, ਗੈਂਗਸਟਰਵਾਦ, ਫਿਰੌਤੀਆਂ, ਲੁੱਟਾਂ-ਖੋਹਾਂ, ਕਾਨੂੰਨ-ਵਿਵਸਥਾ ਦੇ ਸੰਕਟ ਅਤੇ ਉਦਯੋਗਾਂ ਦੇ ਪਲਾਇਨ ਨਾਲ ਜੂਝਦਾ ਰਹੇ, ਜਦਕਿ ਸਰਕਾਰ ਆਪਣੀ ਛਵੀ ਚਮਕਾਉਣ ਲਈ ਮਹਿੰਗੇ ਚੈਨਲਾਂ ਤੋਂ ਮਹਿੰਗੀਆਂ ਡਾਕੂਮੈਂਟਰੀਆਂ ਅਤੇ ਇਸ਼ਿਤਹਾਰਾਂ ’ਤੇ ਧਿਆਨ ਦੇਵੇ ? ਪ੍ਰੋ. ਖਿਆਲਾ ਨੇ ਪੁੱਛਿਆ ਕਿ ਜੇ ਇਹ ਫ਼ਿਲਮ ਪੰਜਾਬ ਦੀ ਅਸਲ ਕਹਾਣੀ ਹੈ ਤਾਂ ਇਸ ਵਿੱਚ ਹੱਕ ਮੰਗਦੇ ਬੇਰੁਜ਼ਗਾਰ ਨੌਜਵਾਨਾਂ, ਕਿਸਾਨਾਂ ਅਤੇ ਮਜ਼ਦੂਰਾਂ ’ਤੇ ਹੋਏ ਲਾਠੀਚਾਰਜ ਕਿਉਂ ਨਹੀਂ ਦਿਖਾਏ ਗਏ ? ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਬਣਦੀ ਡੀਏ ਅਤੇ ਹੋਰ ਬਕਾਇਆ ਰਕਮ ਅਜੇ ਤੱਕ ਜਾਰੀ ਨਾ ਹੋਣ ਦੀ ਪੀੜਾ ਕਿਉਂ ਨਹੀਂ ਦਿਖਾਈ ਗਈ ? ਕੀ ਲੱਖਾਂ ਪਰਿਵਾਰਾਂ ਦੀ ਆਰਥਿਕ ਤੰਗੀ ਇਸ ਡਾਕੂਮੈਂਟਰੀ ਦਾ ਹਿੱਸਾ ਹਨ ? ਉਨ੍ਹਾਂ ਕਿਹਾ ਕਿ ਸਾਢੇ ਚਾਰ ਸਾਲ ਬਾਅਦ ਵੀ ਪੰਜਾਬ ਕੋਲ ਨਾ ਕੋਈ ਸਪੱਸ਼ਟ ਖੇਤੀ ਨੀਤੀ ਹੈ, ਨਾ ਉਦਯੋਗ ਨੀਤੀ, ਨਾ ਮਾਈਨਿੰਗ ਅਤੇ ਖੇਡ ਨੀਤੀ। ਸੂਬਾ ਭ੍ਰਿਸ਼ਟਾਚਾਰ ’ਚ ਗ੍ਰਸਤ ਹੈ ਫਿਰ ਮਾਨ ਸਰਕਾਰ ਕਿਸ ਉਪਲਬਧੀ ਦਾ ਜਸ਼ਨ ਮਨਾ ਰਹੀ ਹੈ ? ਨਾ ਨਵੇਂ 16 ਮੈਡੀਕਲ ਕਾਲਜ ਨਾ ਨੌਕਰੀਆਂ, ਜਦੋਂ ਨੌਜਵਾਨ ਰੋਜ਼ਗਾਰ ਲਈ ਪੰਜਾਬ ਛੱਡ ਰਹੇ ਹਨ ਅਤੇ ਨਿਵੇਸ਼ ਦੂਜੇ ਸੂਬਿਆਂ ਵੱਲ ਰੁਖ ਕਰ ਰਿਹਾ ਹੈ ਤਾਂ ਵਿਕਾਸ ਦੀ ਕਹਾਣੀ ਕਿੱਥੇ ਲਿਖੀ ਜਾ ਰਹੀ ਹੈ ? ਬੇਅਦਬੀ ਦੇ ਮਾਮਲਿਆਂ ਦਾ ਹਵਾਲਾ ਦਿੰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਇਨਸਾਫ਼ ਦੇ ਵੱਡੇ ਵਾਅਦੇ ਕੀਤੇ ਗਏ ਸਨ, ਪਰ ਕੀ ਅੱਜ ਪੰਜਾਬ ਦਾ ਜ਼ਮੀਰ ਇਹ ਮਹਿਸੂਸ ਕਰਦਾ ਹੈ ਕਿ ਦੋਸ਼ੀਆਂ ਨੂੰ ਪੂਰਾ ਇਨਸਾਫ਼ ਮਿਲਿਆ ? ਕੀ ਇਸ ਡਾਕੂਮੈਂਟਰੀ ਵਿੱਚ ਬੇਅਦਬੀ ਦੇ ਪੀੜਤ ਪਰਿਵਾਰਾਂ ਦੇ ਸਵਾਲਾਂ ਦਾ ਕੋਈ ਜਵਾਬ ਹੈ ? ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਦੇ ਨਾਂ ’ਤੇ ਕਰੋੜਾਂ ਰੁਪਏ ਦਾ ਪ੍ਰਚਾਰ ਕੀਤਾ ਗਿਆ, ਪਰ ਹਕੀਕਤ ਇਹ ਹੈ ਕਿ ਓਵਰਡੋਜ਼ ਕਾਰਨ ਨੌਜਵਾਨਾਂ ਦੀਆਂ ਲਗਾਤਾਰ ਹੋ ਰਹੀਆਂ ਮੌਤਾਂ ਪੰਜਾਬ ਦੀਆਂ ਮਾਵਾਂ ਦੀ ਚੀਖ਼ ਬਣ ਚੁੱਕੀਆਂ ਹਨ। ਕੀ ਇਸ਼ਿਤਹਾਰਾਂ ਨਾਲ ਨਸ਼ਾ ਖ਼ਤਮ ਹੋ ਗਿਆ ਜਾਂ ਸਿਰਫ਼ ਸਰਕਾਰ ਦੀ ਛਵੀ ਬਣਾਈ ਗਈ ਜਾਂ ਬਚਾਈ ਜਾ ਸਕੀ ?ਪ੍ਰੋ. ਖਿਆਲਾ ਨੇ ਇਹ ਵੀ ਸਵਾਲ ਉਠਾਇਆ ਕਿ ਜਿਹੜੇ ਪੱਤਰਕਾਰ ਅਤੇ ਸਮਾਜਿਕ ਕਾਰਕੁਨ ਸਰਕਾਰ ਦੀਆਂ ਨਾਕਾਮੀਆਂ ਨੂੰ ਬੇਨਕਾਬ ਕਰਦੇ ਹਨ, ਉਨ੍ਹਾਂ ਖ਼ਿਲਾਫ਼ ਕਾਰਵਾਈ ਦਾ ਮਾਹੌਲ ਕਿਉਂ ਬਣਾਇਆ ਜਾਂਦਾ ਹੈ ? ਹਾਈ ਕੋਰਟ ਵੱਲੋਂ ਵਾਰ-ਵਾਰ ਪੰਜਾਬ ਪੁਲੀਸ ਅਤੇ ਮਾਨ ਸਰਕਾਰ ਨੂੰ ਪੈ ਰਹੀਆਂ ਫਿਟਕਾਰਾਂ ਕੀ ਪ੍ਰਸ਼ਾਸਨਿਕ ਨਾਕਾਮੀ ਦਾ ਸਬੂਤ ਨਹੀਂ ? ਅੰਤ ਵਿੱਚ ਪ੍ਰੋ. ਖਿਆਲਾ ਨੇ ਕਿਹਾ ਕਿ ਜੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ’ਤੇ ਸੱਚਮੁੱਚ ਭਰੋਸਾ ਹੈ ਤਾਂ ਡਾਕੂਮੈਂਟਰੀਆਂ ਅਤੇ ਸਰਕਾਰੀ ਪ੍ਰਚਾਰ ਦੀ ਬਜਾਏ ਪੰਜਾਬ ਦੇ ਮੁੱਦਿਆਂ ’ਤੇ ਖੁੱਲ੍ਹੀ ਜਨਤਕ ਬਹਿਸ ਕਰਵਾਉਣ। ਪੰਜਾਬ ਦਾ ਫ਼ੈਸਲਾ ਕੈਮਰੇ ਦੀ ਸਕਰਿਪਟ ਨਹੀਂ, ਸਗੋਂ ਲੋਕਾਂ ਦੀ ਅਦਾਲਤ ਕਰੇਗੀ—ਅਤੇ ਲੋਕ ਖ਼ੁਦ ਤੈਅ ਕਰਨਗੇ ਕਿ ਵੱਡਾ ਸਫ਼ਰ ਸਤੌਜ ਤੋਂ ਮੁੱਖ ਮੰਤਰੀ ਤੱਕ ਦਾ ਹੈ ਜਾਂ ਮੁੱਖ ਮੰਤਰੀ ਤੋਂ ਲੋਕਾਂ ਦੇ ਭਰੋਸੇ ਤੱਕ ਦਾ।

ਧੂਰੀ ਬੰਦੀ ਸਿੰਘਾਂ ਦੇ ਹੱਕ ਵਿੱਚ

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਰੋਸ ਪ੍ਰਦਰਸ਼ਨ



**ਧੂਰੀ (ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਆਪਣੀਆਂ ਸੇਵਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦੇ ਲਈ ਜਗਤਾਰ ਸਿੰਘ ਹਵਾਰਾ ਐਕਸਨ ਕਮੇਟੀ ਚੰਡੀਗੜ੍ਹ ਵੱਲੋਂ ਪੰਜਾਬ ਬੰਦ ਦੀ ਕਾਲ ਦਿੱਤੀ ਗਈ । ਜਿਸ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਬਾਬਾ ਹਰਬੰਸ ਸਿੰਘ ਜੈਨਪੁਰ, ਅਮਰਜੀਤ ਸਿੰਘ ਬਾਦਸਾਹਪੁਰ ,ਨਰਿੰਦਰ ਸਿੰਘ ਕਾਲਾਬੂਲਾ, ਸਾਧੂ ਸਿੰਘ ਪੇਧਨੀ, ਹਰਚਰਨ ਸਿੰਘ ਭਸੌੜ ਅਤੇ ਵਾਸਵਿਰ ਸਿੰਘ ਭੁੱਲਰ ਦੀ ਅਗਵਾਈ ਹੇਠ ਕੱਕੜਵਾਲ ਚੌਂਕ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਸੇਵਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਕੇਂਦਰ ਦੀ ਅਤੇ ਪੰਜਾਬ ਸਰਕਾਰ ਵੱਲੋਂ ਰਿਹਾ ਕਰ ਦਿੱਤਾ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ ਪਿਛਲੇ ਲੰਮੇ ਸਮੇਂ ਤੋਂ ਜੇਲ ਵਿੱਚ ਬੰਦ ਹਨ। ਪਿਛਲੇ ਲੰਮੇ ਸਮੇਂ ਤੋਂ ਜੇਲ ਵਿੱਚ ਬੰਦ ਹਨਉਨਾਂ ਦੀ ਮਾਤਾ ਬਜ਼ੁਰਗਅਵਸਥਾ ਵਿੱਚ ਹੋਣਕਰਕੇ ਉਹ ਭਾਈ ਹਵਾਰਾ ਨੂੰ ਮਿਲਣ ਦੇ ਲਈ ਤਰਸ ਰਹੇ ਹਨ । ਪਰ ਸਰਕਾਰਾਂ ਵੱਲੋਂ ਉਹਨਾਂ ਨੂੰ ਪੈਰੋਲ ਨਾ ਦੇਣਾ ਅਤਿ ਨਿੰਦਣਯੋਗ ਹੈ। ਉਹਨਾਂ ਕਿਹਾ ਕਿ ਇੱਕ ਪਾਸੇ ਸੌਦਾ ਸਾਧ ਨੂੰ ਕੇਂਦਰ ਦੀ ਸਰਕਾਰ ਵੱਲੋਂ ਵਾਰ-ਵਾਰ ਪੈਰੋਲ ਦੇ ਕੇ ਸਿੱਖਾਂ ਦੇ ਜਖਮਾਂ ਤੇ ਲੂਣ ਛਿੜਕਿਆ ਜਾ ਰਿਹਾ ਹੈ, ਦੂਜੇ ਪਾਸੇ ਬੰਦੀ ਸਿੰਘ ਆਪਣੇ ਪਰਿਵਾਰਾਂ ਨੂੰ ਮਿਲਣ ਲਈ ਤਰਸ ਰਹੇ ਹਨ। ਇਸ ਮੌਕੇ ਸਟੇਜ ਦੀ ਕਾਰਵਾਈ ਸਰਬਜੀਤ ਸਿੰਘ ਖਾਲਸਾ ਅਲਾਲ ਨੇ ਬੜੀ ਹੀ ਬਖੂਬੀ ਨਾਲ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

ਜੱਬੋਵਾਲ ਵਿਖੇ ਬੀਤੀ ਰਾਤ 15 ਸਾਲਾ ਨੌਜਵਾਨ ਦਾ ਗਲਾ ਘੁੱਟ ਕਿ ਕੀਤਾ ਕਤਲ, ਕੈਬਨਿਟ ਮੰਤਰੀ ਸ੍ਰ ਈ.ਟੀ.ਓ ਨੇ ਪ੍ਰੀਵਾਰ ਨਾਲ

# ਕੀਤਾ ਦੁੱਖ ਸਾਂਝਾ, ਪੁਲਿਸ ਪ੍ਰਸ਼ਾਸਨ ਨੂੰ ਕੀਤੀ ਸਖਤ ਹਦਾਇਤ




**ਜੰਡਿਆਲਾ ਗੁਰੂ, 21 ਅਗਸਤ (ਕੁਲਵੰਤ ਸਿੰਘ ਵਿਰਦੀ)**-ਬੀਤੀ ਰਾਤ ਪੁਲਿਸ ਥਾਣਾ ਤਰਸਿੱਕਾ ਦੇ ਅਧੀਨ ਆਉਂਦੇ ਪਿੰਡ ਜੱਬੋਵਾਲ ਵਿਖੇ ਕਰੀਬ 15 ਸਾਲ ਦਾ ਨੌਜਵਾਨ ਜੋ ਕਿ ਫੁੱਟਬਾਲ ਦਾ ਪਲੇਅਰ ਵੀ ਦੱਸਿਆ ਜਾ ਰਿਹਾ ਹੈ ਦੀ ਗਲਾ ਘੁੱਟ ਕੇ ਹੱਤਿਆ ਕਰ ਦਿੱਤੀ ਗਈ ਦਾ ਸਮਾਚਾਰ ਪ੍ਰਾਪਤ ਹੋਇਆ । ਜਿਸ ਨਾਲ ਪੂਰੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ।, ਇਸ ਮੌਕੇ ਤੇ ਮ੍ਰਿਤਕ ਨੌਜਵਾਨ ਗੁਰਸੇਵਕ ਸਿੰਘ ਪੁੱਤਰ ਦਿਲਬਾਗ ਸਿੰਘ ਦੇ ਪਰਿਵਾਰਕ ਮੈਂਬਰਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ, ਰਾਤ ਦੇ ਸਮੇਂ ਇਹ ਘਰ ਦੇ ਗੇਟ ਤੋਂ ਬਾਹਰ ਗਿਆ ਲੇਕਿਨ ਸਾਰੀ ਰਾਤ ਅਸੀ ਆਪਣੇ ਲੜਕੇ ਗੁਰਸੇਵਕ ਸਿੰਘ ਦੀ ਉਡੀਕ ਕਰਦੇ ਰਹੇ,ਅਤੇ ਜਦੋਂ ਗੁਰਸੇਵਕ ਸਿੰਘ ਸਾਰੀ ਰਾਤ ਘਰ ਨਹੀਂ ਆਇਆ ਤਾਂ,ਸਵੇਰੇ ਤੜਕਸਾਰ 7 ਵਜੇ ਦੇ ਕਰੀਬ ਪੁਲਿਸ ਚੌਂਕੀ ਟਾਂਗਰਾ ਇਤਲਾਹ ਦਿੱਤੀ ਪੁਲਿਸ ਨੇ ਗੁਰਸੇਵਕ ਸਿੰਘ ਦਾ ਮੋਬਾਇਲ ਟਰੇਸ ਤੇ ਲਗਾ ਕੇ ਟਰੇਸ ਅਨੁਸਾਰ ਉਸ ਦੀ ਲੋਕੇਸ਼ਨ ਪਿੰਡ ਵਿੱਚ ਹੀ ਇਕ ਮੋਟਰ ਦੀ ਦੱਸੀ ਗਈ ਜਦੋਂ ਪੁਲਿਸ ਮੋਬਾਇਲ ਲੋਕੇਸ਼ਨ ਦੇ ਅਨੁਸਾਰ ਟਰੇਸ ਕਰਦੀ ਹੋਈ ਪਿੰਡ ਵਿੱਚ ਹੀ ਉਸ ਮੋਟਰ ਤੇ ਪਹੁੰਚੀ ਤਾਂ, ਉੱਥੇ ਸਾਡੇ ਲੜਕੇ ਗੁਰਸੇਵਕ ਸਿੰਘ ਦੀ ਡੈਡ ਬੌਡੀ ਮਿਲੀ, ਮ੍ਰਿਤਕ ਗੁਰਸੇਵਕ ਸਿੰਘ ਦੇ ਗਲੇ ਤੇ ਨਿਸ਼ਾਨ ਵੀ ਪਾਏ ਗਏ, ਇਸ ਸੰਬੰਧੀ ਪਰਿਵਾਰਕ ਮੈਂਬਰਾਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸਾਡੇ ਬੱਚੇ ਦੀ ਕਿਸੇ ਵੱਲੋਂ ਗਲਾ ਘੁੱਟ ਕੇ ਹੱਤਿਆ ਕੀਤੀ ਗਈ ਹੈ। ਅਤੇ ਜਦੋਂ ਕਿ ਸੀਸੀਟੀਵੀ ਚੈਕ ਕੀਤੇ ਗਏ ਤਾਂ ਸੀਸੀਟੀਵੀ ਫੁਟੇਜ ਤੋਂ ਪਤਾ ਚੱਲਿਆ ਕਿ ਇੱਕ ਆਦਮੀ ਜੋ ਕਿ ਗੁਰਸੇਵਕ ਸਿੰਘ ਨੂੰ ਆਪਣੇ ਨਾਲ ਲੈ ਕੇ ਗਿਆ ਸੀ। ਪੁਲਿਸ ਵੱਲੋਂ ਮ੍ਰਿਤਕ ਦੇਹ ਨੂੰ ਕਬਜ਼ੇ ਵਿੱਚ ਲੈ ਕੇ ਬਾਬਾ ਬਕਾਲਾ ਸਿਵਲ ਹਸਪਤਾਲ ਵਿਖੇ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ।, ਪਰਿਵਾਰਿਕ ਮੈਂਬਰ ਬਹੁਤ ਦੁਖੀ ਮਨ ਨਾਲ ਦੱਸ ਰਹੇ ਸਨ ਕਿ, ਬੱਚਾ ਬਹੁਤ ਹੀ ਵਧੀਆ ਫੁੱਟਬਾਲ ਦਾ ਪਲੇਅਰ ਵੀ ਸੀ।, ਅਤੇ ਦਸਵੀ ਕਲਾਸ ਦਾ ਬਹੁਤ ਹੀ ਹੋਣਹਾਰ ਵਿਦਿਆਰਥੀ ਸੀ। ਇਸ ਮੌਕੇ ਦੁੱਖ ਦੀ ਘੜੀ ਵਿੱਚ ਹਲਕਾ ਜੰਡਿਆਲਾ ਗੁਰੂ ਤੋਂ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਈ ਟੀ ਓ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਘਟਨਾ ਹੈ ਤੇ ਪਰਿਵਾਰ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ ਅਤੇ ਪੁਲਿਸ ਦੀ ਇਨਵੈਸਟੀਗੇਸ਼ਨ ਵਿੱਚ ਜਿਹੜਾ ਵੀ ਦੋਸ਼ੀ ਪਾਇਆ ਗਿਆ ਉਸ ਤੇ ਤੁਰੰਤ ਹੀ ਕਾਨੂੰਨੀ ਕਾਰਵਾਈ ਕਰਕੇ ਸਲਾਖਾਂ ਦੇ ਪਿੱਛੇ ਕਰ ਦਿੱਤਾ ਜਾਵੇਗਾ। ਇਸ ਮੌਕੇ ਤੇ ਡੀਐਸਪੀ ਜੰਡਿਆਲਾ ਗੁਰੂ ਬਲਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ , ਪੁਲਿਸ ਪੂਰੀ ਮੁਸ਼ਤੈਦੀ ਨਾਲ ਆਪਣੀ ਕਾਰਵਾਈ ਕਰ ਰਹੀ ਹੈ, ਸੀ ਸੀ ਟੀ ਵੀ ਕੈਮਰੇ ਖੰਗਾਲੇ ਜਾ ਰਹੇ ਹਨ। ਅਤੇ ਕੁਝ ਲੋਕਾਂ ਤੇ ਬਾਈ ਨੇਮ ਪਰਚਾ ਵੀ ਦਰਜ ਕਰ ਦਿੱਤਾ ਗਿਆ ਹੈ। ਅਤੇ ਦੋਸੀ ਜਲਦੀ ਹੀ ਪੁਲਿਸ ਦੀ ਗਿਰਫ਼ਤ ਵਿੱਚ ਹੋਣਗੇ !

**ਦੋਸੀ ਟਰੇਸ ਕਰ ਲਏ ਗਏ ਬਾਏ ਨੇਮ ਪਰਚਾ ਦਰਜ ਕਰ ਦਿੱਤਾ ਗਿਆ ਦੋਸੀ ਜਲਦ ਹੋਣਗੇ ਸਲਾਖਾਂ ਪਿੱਛੇ-ਡੀ ਐਸ ਪੀ ਬਲਜੀਤ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਿਲ੍ਹਾ ਪੁਲਿਸ ਵੱਲੋਂ ਸਰਕਾਰੀ ਰਣਬੀਰ ਕਾਲਜ ਵਿੱਚ ਜਾਗਰੂਕਤਾ ਪ੍ਰੋਗਰਾਮ

## ਸਰਕਾਰੀ ਰਣਬੀਰ ਕਾਲਜ ਸੰਗਰੂਰ ਵਿਖੇ ਸਰਦਾਰ ਪਟੇਲ ਦੇ ਜੀਵਨ 'ਤੇ ਲੇਖ ਮੁਕਾਬਲੇ ਕਰਵਾਏ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਐਸ.ਐਸ.ਪੀ. ਸੰਗਰੂਰ ਡਾ. ਰਵਜੋਤ ਗਰੇਵਾਲ (ਆਈ.ਪੀ.ਐਸ.) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਸ.ਪੀ. (ਐਚ) -ਕਮ- ਜ਼ਿਲ੍ਹਾ ਕਮਿਊਨਿਟੀ ਪੁਲਿਸ ਅਫ਼ਸਰ ਸੰਗਰੂਰ ਦੀ ਯੋਗ ਅਗਵਾਈ ਹੇਠ ਸਰਦਾਰ ਵੱਲਭ ਭਾਈ ਪਟੇਲ ਜੀ ਦੇ 151ਵੇਂ ਜਨਮ ਦਿਨ ਨੂੰ ਸਮਰਪਿਤ ਸਰਕਾਰੀ ਰਣਬੀਰ ਕਾਲਜ, ਸੰਗਰੂਰ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਹ ਪ੍ਰੋਗਰਾਮ ਤੇਜਿੰਦਰ ਸਿੰਘ, ਪੀ.ਪੀ.ਐਸ., ਡੀ.ਐਸ.ਪੀ. ਸਕਿਊਰਿਟੀ ਅਤੇ ਟ੍ਰੈਫਿਕ ਵੱਲੋਂ ਕਾਲਜ ਦੇ ਸਟਾਫ਼ ਦੇ ਸਹਿਯੋਗ ਨਾਲ ਕਰਵਾਇਆ ਗਿਆ। ਪ੍ਰੋਗਰਾਮ ਦੌਰਾਨ ਪ੍ਰੋ.ਰੋਮੀ ਗਰਗ, ਪ੍ਰਿੰਸੀਪਲ, ਸਰਕਾਰੀ ਰਣਬੀਰ ਕਾਲਜ ਸੰਗਰੂਰ ਅਤੇ ਕਾਲਜ ਦੇ ਕਾਮਰਸ ਵਿਭਾਗ ਦੇ ਪ੍ਰੋਫੈਸਰ ਸਾਹਿਬਾਨ ਵੱਲੋਂ ਵਿਦਿਆਰਥੀਆਂ ਦੇ ਲੇਖ ਮੁਕਾਬਲੇ ਕਰਵਾਏ ਗਏ, ਜਿਸ ਵਿੱਚ 76 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਯੁਵਾ ਸਾਂਝ ਕਮੇਟੀ ਦੇ ਮੈਂਬਰ ਪ੍ਰੋ. ਕੁਲਦੀਪ ਕੁਮਾਰ, ਪ੍ਰਿੰਸੀਪਲ ਪ੍ਰੋ.ਰੋਮੀ ਗਰਗ ਅਤੇ ਇੰਸਪੈਕਟਰ ਸਿਮਰਨਜੋਤ ਸਿੰਘ, ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਵੱਲੋਂ ਵਿਦਿਆਰਥੀਆਂ ਨੂੰ ਸਰਦਾਰ ਵੱਲਭ ਭਾਈ ਪਟੇਲ ਜੀ ਦੇ ਜੀਵਨ, ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਉਨ੍ਹਾਂ ਦੇ ਯੋਗਦਾਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਲੇਖ ਮੁਕਾਬਲੇ ਵਿੱਚ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਮਨਪ੍ਰੀਤ ਕੌਰ, ਚਿਰਾਗ ਸਿੰਗਲਾ ਅਤੇ ਸ਼ਗਨਪ੍ਰੀਤ ਕੌਰ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਚੌਥਾ, ਪੰਜਵਾਂ ਅਤੇ ਛੇਵਾਂ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਖੁਸ਼ਪ੍ਰੀਤ ਕੌਰ, ਪਵਨੀਤ ਕੌਰ ਅਤੇ ਸੰਦੀਪ ਕੌਰ ਨੂੰ ਵੀ ਹੌਸਲਾ-ਅਫ਼ਜ਼ਾਈ ਵਜੋਂ ਇਨਾਮ ਪ੍ਰਦਾਨ ਕੀਤੇ ਗਏ। ਇਸ ਉਪਰੰਤ ਵਿਦਿਆਰਥਣਾਂ ਗਗਨਦੀਪ ਜੋਸ਼ੀ ਅਤੇ ਪਰਮਜੀਤ ਕੌਰ ਅਤੇ ਵਿਦਿਆਰਥੀ ਚਿਰਾਗ ਸਿੰਗਲਾ ਵੱਲੋਂ ਸਰਦਾਰ ਵੱਲਭ ਭਾਈ ਪਟੇਲ ਜੀ ਦੇ ਜੀਵਨ ਅਤੇ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਉਨ੍ਹਾਂ ਵੱਲੋਂ ਪਾਏ ਯੋਗਦਾਨ ਬਾਰੇ ਦੋ-ਦੋ ਮਿੰਟ ਦੇ ਭਾਸ਼ਣ ਦਿੱਤੇ ਗਏ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਦੇਸ਼ ਦੀ ਏਕਤਾ, ਅਖੰਡਤਾ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਲਈ ਸਰਦਾਰ ਪਟੇਲ ਜੀ ਦੇ ਵਿਚਾਰਾਂ ਤੋਂ ਪ੍ਰੇਰਣਾ ਲੈਣ ਲਈ ਉਤਸ਼ਾਹਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਅਨੁਭਵ ਤੋਂ ਉਪਜੀ ਪਰਖ ਅਤੇ ਅੰਤਰ-ਦ੍ਰਿਸ਼ਟੀ, ਨਿੱਗਰ ਚਰਿੱਤਰ, ਸਾਫ਼ ਦਿਲ ਅਤੇ ਵਚਨ ਦੀ ਦ੍ਰਿੜ੍ਹਤਾ

ਜਿਨ੍ਹਾਂ ਲੋਕਾਂ ਦਾ ਅੰਦਾਜ਼ਾ ਅਤੇ ਛੇਵੀਂ ਇੰਦਰੀ ਸਹੀ ਨਿਕਲਦੀ ਹੈ, ਉਹ ਜੀਵਨ ਦੇ ਸੰਘਰਸ਼ਾਂ, ਉਤਾਰ-ਚੜ੍ਹਾਵਾਂ ਅਤੇ ਅਨੁਭਵਾਂ ਤੋਂ ਸਿੱਖ ਕੇ ਲੋਕਾਂ ਦੇ ਅਸਲ ਮਕਸਦ ਅਤੇ ਚਲਾਕੀਆਂ ਨੂੰ ਅੱਖਾਂ ਵੇਖ ਕੇ ਹੀ ਬਾਰੀਕੀ ਨਾਲ ਪਛਾਣ ਲੈਂਦੇ ਹਨ।

ਦੁਨੀਆ ਦੀਆਂ ਹਰਕਤਾਂ ਅਤੇ ਧੋਖਿਆਂ ਨੂੰ ਸਮਝਦੇ ਹੋਏ ਵੀ ਅਜਿਹੇ ਵਿਅਕਤੀ ਸਾਫ਼ ਦਿਲ ਰੱਖਦੇ ਹਨ, ਆਪਣੇ ਵਚਨ ਉੱਤੇ ਦ੍ਰਿੜ੍ਹ ਰਹਿੰਦੇ ਹਨ ਅਤੇ ਕਿਸੇ ਦਾ ਬੁਰਾ ਚਾਹੇ ਬਿਨਾਂ ਇੱਕ ਮਜ਼ਬੂਤ ਤੇ ਸਤਿਕਾਰਤ ਸ਼ਖ਼ਸੀਅਤ ਦੇ ਧਾਰਨੀ ਬਣਦੇ ਹਨ ।

ਮਨੋਵਿਗਿਆਨਕ ਸਿਧਾਂਤਾਂ ਅਤੇ ਪੁਰਾਤਨ ਹਵਾਲਿਆਂ ਅਨੁਸਾਰ ਮਾਨਵ ਚਰਿੱਤਰ, ਅੰਤਰ-ਦ੍ਰਿਸ਼ਟੀ ਅਤੇ ਨੈਤਿਕ ਵਚਨਬੱਧਤਾ ਦਾ ਆਪਸੀ ਸਬੰਧ ਬਹੁਤ ਗੂੜ੍ਹਾ ਹੈ। ਜਿਨ੍ਹਾਂ ਲੋਕਾਂ ਦੀ 'ਛੇਵੀਂ ਇੰਦਰੀ' ਜਾਂ ਅੰਦਾਜ਼ਾ ਸਹੀ ਹੁੰਦਾ ਹੈ, ਉਹ ਅਤੀਤ ਵਿੱਚ ਵੱਖ-ਵੱਖ ਪ੍ਰਸਥਿਤੀਆਂ ਅਤੇ ਧੋਖਿਆਂ ਵਿੱਚੋਂ ਲੰਘੇ ਹੁੰਦੇ ਹਨ। ਇਸ ਅਨੁਭਵ ਕਾਰਨ ਉਹ ਇੱਕ ਬਾਰੀਕਬੀਨ ਓਬਜ਼ਰਵਰ ਬਣ ਜਾਂਦੇ ਹਨ। ਉਹ ਗੱਲਾਂ ਘੱਟ ਕਰਦੇ ਹਨ, ਪਰ ਸਾਹਮਣੇ ਵਾਲੇ ਦੇ ਹਾਵ-ਭਾਵ ਅਤੇ ਅੱਖਾਂ ਦੀ ਭਾਸ਼ਾ ਤੋਂ ਉਸ ਦਾ ਅਸਲ ਮਕਸਦ ਤੁਰੰਤ ਸਮਝ ਲੈਂਦੇ ਹਨ। ਸਭ ਕੁਝ ਸਮਝਦੇ ਹੋਏ ਵੀ ਉਹ ਆਪਣੇ ਸਾਫ਼ ਦਿਲ ਕਰਕੇ ਕਿਸੇ ਦਾ ਬੁਰਾ ਨਹੀਂ ਸੋਚਦੇ।

ਇਸ ਪੂਰੇ ਵਿਚਾਰ-ਵਟਾਂਦਰੇ ਅਤੇ ਵਿਸ਼ਲੇਸ਼ਣ ਦਾ ਵੱਖ-ਵੱਖ ਖੇਤਰਾਂ ਵਿੱਚ ਵਿਸਥਾਰਪੂਰਵਕ ਜ਼ਿਕਰ ਮਿਲਦਾ ਹੈ ਮੈਲਕਮ ਗਲਾਡਵੈਲ ਦੀ ਇਹ ਪੁਸਤਕ 'Thin-Slicing' ਦੇ ਮਨੋਵਿਗਿਆਨਕ ਸਿਧਾਂਤ ਨੂੰ ਬਿਆਨ ਕਰਦੀ ਹੈ। ਇਸ ਅਨੁਸਾਰ, ਅਨੁਭਵੀ ਲੋਕਾਂ ਦਾ ਅਚੇਤ ਮਨ ਅਤੀਤ ਦੀਆਂ ਘਟਨਾਵਾਂ ਨੂੰ ਜੋੜ ਕੇ ਕੁਝ ਸਕਿੰਟਾਂ ਵਿੱਚ ਹੀ ਕਿਸੇ ਵਿਅਕਤੀ ਜਾਂ ਸਥਿਤੀ ਦੀ ਸਹੀ ਪਰਖ ਕਰ ਲੈਂਦਾ ਹੈ। ਨੋਬਲ ਪੁਰਸਕਾਰ ਜੇਤੂ ਕਾਨਮੈਨ ਅਨੁਸਾਰ ਦਿਮਾਗ ਦੀ ਤੇਜ਼ ਪ੍ਰਣਾਲੀ ਉਨ੍ਹਾਂ ਲੋਕਾਂ ਵਿੱਚ ਜ਼ਿਆਦਾ ਸਰਗਰਮ ਹੁੰਦੀ ਹੈ ਜਿਨ੍ਹਾਂ ਨੇ ਸੰਘਰਸ਼ ਵੇਖਿਆ ਹੁੰਦਾ ਹੈ, ਜਿਸ ਨਾਲ ਉਹ ਬਿਨਾਂ ਵਕਤ ਗੁਆਏ ਸਹੀ ਸਿੱਟੇ 'ਤੇ ਪਹੁੰਚਦੇ ਹਨ। ਸਮਾਜਿਕ ਵਿਗਿਆਨ ਦਾ "Credible Commitment" (ਵਿਸ਼ਵਾਸਯੋਗ ਵਚਨਬੱਧਤਾ) ਸਿਧਾਂਤ ਦੱਸਦਾ ਹੈ ਕਿ ਜੋ ਵਿਅਕਤੀ ਆਪਣੇ ਬੋਲ ਅਤੇ ਵਚਨ ਦਾ ਪੱਕਾ ਹੁੰਦਾ ਹੈ, ਸਮਾਜਿਕ ਅਤੇ ਵਪਾਰਕ ਸਬੰਧਾਂ ਵਿੱਚ ਉਸ ਦਾ ਪ੍ਰਭਾਵ ਅਤੇ ਵਿਸ਼ਵਾਸ ਬਾਕੀਆਂ ਨਾਲੋਂ ਕਈ ਗੁਣਾ ਜ਼ਿਆਦਾ ਹੁੰਦਾ ਹੈ। ਚਾਣਕਿਆ ਅਨੁਸਾਰ ਜਿਸ ਮਨੁੱਖ ਨੇ ਔਖੇ ਸਮੇਂ ਅਤੇ ਅਨੁਭਵ ਵੇਖੇ ਹਨ, ਉਸ ਨੂੰ ਬੇਵਕੂਫ਼ ਬਣਾਉਣਾ ਜਾਂ ਉਸ ਅੱਗੇ ਝੂਠ ਬੋਲਣਾ ਅਸੰਭਵ ਹੁੰਦਾ ਹੈ। ਉਹ ਦੁਨੀਆ ਦੀ ਚਲਾਕੀ ਸਮਝਦੇ ਹੋਏ ਵੀ ਧੀਰਜ ਰੱਖਦਾ ਹੈ। ਗੀਤਾ ਵਿੱਚ 'ਸਥਿਤਪ੍ਰਗਿਆ' (ਸਥਿਰ ਬੁੱਧੀ ਵਾਲੇ) ਵਿਅਕਤੀ ਦਾ ਜ਼ਿਕਰ ਹੈ। ਅਜਿਹਾ ਮਨੁੱਖ ਅੰਦਰੋਂ ਸ਼ਾਂਤ ਅਤੇ ਸਾਫ਼ ਦਿਲ ਹੁੰਦਾ ਹੈ, ਪਰ ਉਹ ਬਿਨਾਂ ਵਿਚਲਿਤ ਹੋਏ ਹਰ ਸਥਿਤੀ ਨੂੰ ਬਾਰੀਕੀ ਨਾਲ ਦੇਖ ਅਤੇ ਸਮਝ ਲੈਂਦਾ ਹੈ।

**-ਪਰਗਟ ਸਿੰਘ ਬਲਬੇੜਾ, 9022000070**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬੰਦੀ ਸਿੰਘਾਂ ਦੀ ਰਿਹਾਈ

# ਸਜ਼ਾ ਪੂਰੀ ਹੋਣ ਤੋਂ ਬਾਅਦ ਵੀ ਜੇਲ੍ਹਾਂ ਵਿੱਚ ਬੰਦ ਸਿੱਖ ਕੈਦੀਆਂ ਦਾ ਮਸਲਾ ਬੱਚਿਆਂ ਨੂੰ ਸਮਝਾਉਣ ਦੀ ਲੋੜ



ਪੰਜਾਬ ਅਤੇ ਸਰਹੱਦੋਂ ਪਾਰ ਸਿੱਖ ਭਾਈਚਾਰੇ ਵਿੱਚ ਲੰਮੇ ਸਮੇਂ ਤੋਂ ਬੰਦੀ ਸਿੰਘਾਂ ਦੀ ਰਿਹਾਈ ਦਾ ਮੁੱਦਾ ਚਰਚਾ ਵਿੱਚ ਹੈ। ਮਾਨਵ ਅਧਿਕਾਰ ਸੰਗਠਨਾਂ ਅਤੇ ਕਾਨੂੰਨੀ ਮਾਹਰਾਂ ਮੁਤਾਬਕ, ਬੱਚਿਆਂ ਨੂੰ ਇਹ ਸਮਝਾਉਣਾ ਜ਼ਰੂਰੀ ਹੈ ਕਿ ਇਹ ਵਿਰੋਧ ਜਾਂ ਮੰਗ ਸਿਰਫ਼ ਇੱਕ ਰਸਮੀ ਛੁੱਟੀ ਬਾਰੇ ਨਹੀਂ, ਸਗੋਂ ਕਾਨੂੰਨੀ ਪ੍ਰਕਿਰਿਆ ਅਤੇ ਮਨੁੱਖੀ ਅਧਿਕਾਰਾਂ ਦੀ ਬਰਾਬਰੀ ਦੀ ਗੱਲ ਕਰਦੀ ਹੈ। ਮਾਨਵ ਅਧਿਕਾਰ ਸੰਗਠਨਾਂ (ਜਿਵੇਂ ਕਿ 'ਐਡਵੋਕੇਟ ਪੰਥਕ ਫਰੰਟ' ਅਤੇ 'ਸਿੱਖ ਰਿਲੀਫ਼') ਵੱਲੋਂ ਜਾਰੀ ਕੀਤੀਆਂ ਰਿਪੋਰਟਾਂ ਅਨੁਸਾਰ ਅਜਿਹੇ 9 ਪ੍ਰਮੁੱਖ ਬੰਦੀ ਸਿੰਘ ਹਨ, ਜਿਨ੍ਹਾਂ ਨੇ ਉਮਰ ਕੈਦ (ਜੋ ਕਾਨੂੰਨੀ ਤੌਰ 'ਤੇ 14 ਸਾਲ ਦੀ ਹੁੰਦੀ ਹੈ) ਦੀ ਮਿਆਦ ਤੋਂ ਬਹੁਤ ਵੱਧ ਸਮਾਂ ਜੇਲ੍ਹ ਵਿੱਚ ਬਿਤਾਇਆ ਹੈ। ਲੋਕਾਂ ਅਤੇ ਆਮ ਗਿਣਤੀ ਅਨੁਸਾਰ ਇਹ ਸਿੰਘ ਪਿਛਲੇ 30 ਤੋਂ 35 ਸਾਲਾਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਹਨ। ਜੇਲ੍ਹ ਮੈਨੂਅਲ ਦੀ ਗਿਣਤੀ ਅਨੁਸਾਰ ਤੇ ਜੇਲ੍ਹ ਦੇ ਨਿਯਮਾਂ ਅਨੁਸਾਰ ਜਿੱਥੇ ਦਿਨ ਅਤੇ ਰਾਤ ਦੀ ਗਿਣਤੀ ਵੱਖਰੀ ਮੰਨੀ ਜਾਂਦੀ ਹੈ, ਅਤੇ ਪੈਰੋਲ ਵਗੈਰਾ ਦੇ ਹਿਸਾਬ ਨੂੰ ਜੋੜਿਆ ਜਾਵੇ, ਤਾਂ ਜੇਲ੍ਹ ਦੇ ਰਿਕਾਰਡ ਮੁਤਾਬਕ ਇਹ ਸਮਾਂ 50 ਤੋਂ 55 ਸਾਲ ਤੋਂ ਵੀ ਵੱਧ ਬਣਦਾ ਹੈ। ਜੱਥੇਦਾਰ ਜਗਤਾਰ ਸਿੰਘ ਹਵਾਰਾ 1995 ਦੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਕਤਲ ਕੇਸ ਵਿੱਚ ਨਾਮਜ਼ਦ। ਇਹਨਾਂ ਨੂੰ 10 ਨਵੰਬਰ 2015 ਨੂੰ ਅੰਮ੍ਰਿਤਸਰ ਦੇ ਨੇੜੇ ਪਿੰਡ ਚੱਬਾ ਵਿਖੇ ਬੁਲਾਏ ਗਏ ਵਿਸ਼ਾਲ 'ਸਰਬੱਤ ਖ਼ਾਲਸਾ' ਇਕੱਠ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਜੋਂ ਐਲਾਨਿਆ ਗਿਆ ਸੀ। ਇਸ ਵੇਲੇ ਉਹ ਦਿੱਲੀ ਦੀ ਤਿਹਾੜ ਜੇਲ੍ਹ ਵਿੱਚ ਬੰਦ ਹਨ। ਭਾਈ ਬਲਵੰਤ ਸਿੰਘ ਰਾਜੋਆਣਾ ਪਟਿਆਲਾ ਕੇਂਦਰੀ ਜੇਲ੍ਹ ਵਿੱਚ ਬੰਦ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 2012 ਵਿੱਚ ਦਾਇਰ ਕੀਤੀ ਗਈ ਰਹਿਮ ਦੀ ਅਪੀਲ ਅਜੇ ਵੀ ਕੇਂਦਰ ਸਰਕਾਰ ਕੋਲ ਵਿਚਾਰ ਅਧੀਨ ਹੈ। ਭਾਈ ਦਵਿੰਦਰਪਾਲ ਸਿੰਘ ਭੁੱਲਰ 1993 ਦਿੱਲੀ ਬੰਬ ਧਮਾਕੇ ਕੇਸ ਦੇ ਕੈਦੀ। ਸੁਪਰੀਮ ਕੋਰਟ ਵੱਲੋਂ ਫਾਂਸੀ ਨੂੰ ਉਮਰ ਕੈਦ ਵਿੱਚ ਬਦਲਣ ਤੋਂ ਬਾਅਦ, ਉਹ ਇਸ ਵੇਲੇ ਅੰਮ੍ਰਿਤਸਰ ਦੇ ਸਰਕਾਰੀ ਮਾਨਸਿਕ ਅਰੋਗਤਾ ਕੇਂਦਰ/ਜੇਲ੍ਹ ਵਾਰਡ ਵਿੱਚ ਦਾਖ਼ਲ ਹਨ । ਭਾਈ ਜਗਤਾਰ ਸਿੰਘ ਤਾਰਾ, ਭਾਈ ਪਰਮਜੀਤ ਸਿੰਘ ਭੇਓਰਾ, ਭਾਈ ਗੁਰਮੀਤ ਸਿੰਘ, ਭਾਈ ਲਖਵਿੰਦਰ ਸਿੰਘ, ਅਤੇ ਭਾਈ ਸ਼ਮਸ਼ੇਰ ਸਿੰਘ: ਇਹ ਸਾਰੇ ਬੇਅੰਤ ਸਿੰਘ ਕੇਸ ਨਾਲ ਸਬੰਧਤ ਹਨ ਅਤੇ ਚੰਡੀਗੜ੍ਹ ਦੀ ਮਾਡਲ ਜੇਲ੍ਹ ਬੁੜੈਲ ਵਿੱਚ ਉਮਰ ਕੈਦ ਦੀ ਸਜ਼ਾ ਭੁਗਤ ਰਹੇ ਹਨ। ਭਾਈ ਗੁਰਦੀਪ ਸਿੰਘ ਖੇੜਾ ਕਰਨਾਟਕ ਦੇ ਗੁਲਬਰਗਾ ਜੇਲ੍ਹ ਤੋਂ ਤਬਦੀਲ ਕਰਕੇ ਅੰਮ੍ਰਿਤਸਰ ਜੇਲ੍ਹ ਵਿੱਚ ਰੱਖੇ ਗਏ ਹਨ, ਜੋ 1990 ਦੇ ਦਹਾਕੇ ਤੋਂ ਬੰਦ ਹਨ।

## ਕਲ ਦੀ ਛੁੱਟੀ ਦੇ ਪਿੱਛੇ ਇਨਸਾ.ਫ ਕਾਨੂੰਨ ਅਤੇ ਮਾਨਵੀ ਅਧਿਕਾਰਾਂ ਦਾ ਸਵਾਲ

ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੋਕਤੰਤਰੀ ਅਤੇ ਕਾਨੂੰਨੀ ਦਾਇਰੇ ਵਿੱਚ ਮਜ਼ਬੂਤ ਕਰਨ ਲਈ ਪੰਜਾਬ ਦੇ ਪਿੰਡਾਂ ਦਾ ਵੱਡਾ ਯੋਗਦਾਨ ਰਿਹਾ ਹੈ। ਪੰਜਾਬ ਦੀਆਂ 150 ਤੋਂ ਵੱਧ (ਡੇਢ ਸੌ) ਗ੍ਰਾਮ ਪੰਚਾਇਤਾਂ ਨੇ ਆਪਣੇ ਇਜਲਾਸ ਬੁਲਾ ਕੇ ਬੰਦੀ ਸਿੰਘਾਂ (ਵਿਸ਼ੇਸ਼ ਤੌਰ 'ਤੇ ਜਥੇਦਾਰ ਜਗਤਾਰ ਸਿੰਘ ਹਵਾਰਾ ਅਤੇ ਹੋਰ ਸਜ਼ਾ ਪੂਰੀ ਕਰ ਚੁੱਕੇ ਕੈਦੀਆਂ) ਦੀ ਰਿਹਾਈ ਲਈ ਲਿਖਤੀ ਮਤੇ ਪਾਸ ਕੀਤੇ। ਇਹ ਮਤੇ ਅਤੇ ਰਿਕਾਰਡ ਪੰਜਾਬ ਦੇ ਰਾਜਪਾਲ, ਭਾਰਤ ਦੇ ਰਾਸ਼ਟਰਪਤੀ ਅਤੇ ਕੇਂਦਰੀ ਗ੍ਰਹਿ ਮੰਤਰਾਲੇ ਨੂੰ ਅਧਿਕਾਰਤ ਤੌਰ 'ਤੇ ਭੇਜੇ ਗਏ। ਮਤਿਆਂ ਵਿੱਚ ਮੁੱਖ ਤੌਰ 'ਤੇ ਸੰਵਿਧਾਨਕ ਹਵਾਲਾ ਦਿੱਤਾ ਗਿਆ ਸੀ ਕਿ ਜਦੋਂ ਕੈਦੀ ਆਪਣੀ ਨਿਰਧਾਰਤ ਉਮਰ ਕੈਦ ਦੀ ਸਜ਼ਾ ਕੱਟ ਚੁੱਕੇ ਹਨ, ਤਾਂ ਉਨ੍ਹਾਂ ਨੂੰ ਜੇਲ੍ਹ ਵਿੱਚ ਬੰਦ ਰੱਖਣਾ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ।'ਐਮਨੈਸਟੀ ਇੰਟਰਨੈਸ਼ਨਲ' ਅਤੇ 'ਪੀਪੁਲਜ਼ ਯੂਨੀਅਨ ਫ਼ਾਰ ਸਿਵਲ ਲਿਬਰਟੀਜ਼' ਵਰਗੀਆਂ ਅੰਤਰਰਾਸ਼ਟਰੀ ਸੰਸਥਾਵਾਂ ਦੀਆਂ ਰਿਪੋਰਟਾਂ ਮੁਤਾਬਕ, ਭਾਰਤੀ ਸੰਵਿਧਾਨ ਦੀ ਧਾਰਾ 161 (ਰਾਜਪਾਲ ਦੀ ਮਾਫ਼ੀ ਦੀ ਸ਼ਕਤੀ) ਅਤੇ ਧਾਰਾ 72 (ਰਾਸ਼ਟਰਪਤੀ ਦੀ ਸ਼ਕਤੀ) ਤਹਿਤ ਉਮਰ ਕੈਦ ਕੱਟ ਰਹੇ ਕੈਦੀਆਂ ਦੀ ਰਿਹਾਈ 14 ਸਾਲਾਂ ਬਾਅਦ ਰਾਜ ਸਰਕਾਰਾਂ ਦੀ ਸਿਫ਼ਾਰਸ਼ 'ਤੇ ਕੀਤੀ ਜਾ ਸਕਦੀ ਹੈ। 2019 ਵਿੱਚ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਕੇਂਦਰੀ ਗ੍ਰਹਿ ਮੰਤਰਾਲੇ ਨੇ ਇੱਕ ਵਿਸ਼ੇਸ਼ ਨੋਟੀਫਿਕੇਸ਼ਨ ਜਾਰੀ ਕਰਕੇ 8 ਸਿੱਖ ਕੈਦੀਆਂ ਦੀ ਰਿਹਾਈ ਅਤੇ ਬਲਵੰਤ ਸਿੰਘ ਰਜੋਆਣਾ ਦੀ ਫਾਂਸੀ ਨੂੰ ਉਮਰ ਕੈਦ ਵਿੱਚ ਬਦਲਣ ਦੀ ਮਨਜ਼ੂਰੀ ਦਿੱਤੀ ਸੀ। ਹਾਲਾਂਕਿ, ਵੱਖ-ਵੱਖ ਰਾਜ ਸਰਕਾਰਾਂ (ਜਿਵੇਂ ਕਿ ਦਿੱਲੀ ਅਤੇ ਦਿੱਲੀ ਦੀ ਸਜ਼ਾ ਸਮੀਖਿਆ ਬੋਰਡ ਦੀਆਂ ਪ੍ਰਬੰਧਕੀ ਅੜਚਣਾਂ ਕਾਰਨ ਇਹ ਫੈਸਲਾ ਪੂਰੀ ਤਰ੍ਹਾਂ ਲਾਗੂ ਨਹੀਂ ਹੋ ਸਕਿਆ। ਬੱਚਿਆਂ ਲਈ ਸੁਨੇਹਾ ਇਹ ਹੈ ਕਿ ਇਹ ਮੁੱਦਾ ਕਾਨੂੰਨ ਦੇ ਸ਼ਾਸਨ, ਸੰਵਿਧਾਨਕ ਹੱਕਾਂ ਅਤੇ ਮਾਨਵਤਾ ਨਾਲ ਜੁੜਿਆ ਹੋਇਆ ਹੈ, ਜਿੱਥੇ ਸਜ਼ਾ ਪੂਰੀ ਕਰ ਚੁੱਕੇ ਭਾਰਤੀ ਨਾਗਰਿਕ ਲਈ ਇਨਸਾਫ਼ ਦੀ ਮੰਗ ਕੀਤੀ ਜਾ ਰਹੀ ਹੈ।

**-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV

### ਸੇਂਟ ਸੋਲਜਰ ਸਕੂਲ ਦੇ ਵਿਦਿਆਰਥੀਆਂ ਨੇ ਇੰਡੀਅਨ ਟੈਲੇਂਟ ਓਲੰਪੀਆਡ ਵਿੱਚ ਸ਼ਾਨਦਾਰ ਪੁਜੀਸ਼ਨਾਂ ਹਾਸਿਲ ਕੀਤੀਆਂ

# ਸੰਸਥਾ ਦਾ ਨਾਮ ਰੋਸ਼ਨ ਕਰਨ ਲਈ ਵਿਦਿਆਰਥੀਆਂ ਦੀ ਸ਼ਾਨਦਾਰ ਕਾਰਗੁਜ਼ਾਰੀ ਸ਼ਲਾਘਾਯੋਗ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ



**ਜੰਡਿਆਲਾ ਗੁਰੂ 21 ਅਗਸਤ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਵਿਦਿਆਰਥੀਆਂ ਨੇ ਇੰਡੀਅਨ ਟੈਲੇਂਟ ਓਲੰਪੀਆਡ ਵਿੱਚ ਸ਼ਾਨਦਾਰ ਪੁਜੀਸ਼ਨਾਂ ਹਾਸਿਲ ਕੀਤੀਆਂ।ਇਹਨਾਂ ਵਿੱਚ ਸਕੂਲ ਦੀ ਵਿਦਿਆਰਥਨ ਅਵਨੀਤ ਕੌਰ ਨੇ ਸਟੇਟ ਟੌਪਰ ਐਵਾਰਡ ਹਾਸਲ ਕੀਤਾ। ਅਤੇ ਨਾਲ ਹੀ ਉਸਨੂੰ 1000 ਰੁਪੈ ਕੈਸ਼ ਇਨਾਮ ਦੇ ਨਾਲ ਵੀ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਅਰੁਸ਼ ਰਾਏ ਚੌਥੀ ਕਲਾਸ, ਮਨਜੋਤ ਸਿੰਘ ਪੰਜਵੀਂ ਕਲਾਸ ਅਤੇ ਹਰਸਿਮਰਤ ਕੌਰ ਛੇਵੀਂ ਕਲਾਸ, ਨਵਨੀਤ ਕੌਰ ਸਤਵੀਂ ਕਲਾਸ ,ਪ੍ਰਭ ਸਿਮਰਨ ਕੌਰ ਅਠਵੀਂ ਕਲਾਸ, ਗੁਰਸੀਰਤ ਕੌਰ ਨੌਵੀਂ ਕਲਾਸ ਪ੍ਰਭਲੀਨ ਕੌਰ ਨੌਵੀਂ ਕਲਾਸ, ਦਸਮਲੀਨ ਕੌਰ ਨੌਵੀ ਕਲਾਸ ਗੁਰਸ਼ਾਨ ਸਿੰਘ ਨੌਵੀਂ ਕਲਾਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੋਲਡ ਮੈਡਲ ਹਾਸਲ ਕੀਤੇ। ਅਤੇ ਜਸ਼ਨਦੀਪ ਕੌਰ ਨੇ ਸਿਲਵਰ ਅਤੇ ਪਵਨਪ੍ਰੀਤ ਕੌਰ ਨੇ ਬਰੋਨਜ਼ ਮੈਡਲ ਹਾਸਿਲ ਕੀਤਾ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਜੀ ਕਿਸ਼ਨਪੁਰੀ ਜੀ ਨੇ ਸਾਰੇ ਜੇਤੂ ਵਿਦਿਆਰਥੀਆਂ ਅਤੇ ਸੰਬੰਧਿਤ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਉਨਾਂ ਦੀ ਮਿਹਨਤ ਦੀ ਸਲਾਗਾ ਕੀਤੀ। ਇਸ ਮੌਕੇ ਤੇ ਡਾਇਰੈਕਟਰ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ ਜੀ ਨੇ ਵੀ ਇਹਨਾਂ ਪ੍ਰਾਪਤੀਆਂ ਨਾਲ ਸੰਸਥਾ ਦਾ ਨਾਮ ਰੋਸ਼ਨ ਕਰਨ ਲਈ ਵਿਦਿਆਰਥੀਆਂ ਦੀ ਸ਼ਾਨਦਾਰ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਅਤੇ ਉਹਨਾਂ ਨੂੰ ਸਮਰਪਣ ,ਵਿਸ਼ਵਾਸ ਅਤੇ ਦ੍ਰਿੜਤਾ ਨਾਲ ਇਸੇ ਤਰ੍ਹਾਂ ਹੋਰ ਮਿਹਨਤ ਕਰਨ ਲਈ ਪ੍ਰੇਰਿਆ। ਉਹਨਾਂ ਕਿਹਾ ਕਿ ਇਹ ਪ੍ਰਾਪਤੀਆਂ ਸਾਡੇ ਵਿਦਿਆਰਥੀਆਂ ਦੀ ਸਖਤ ਮਿਹਨਤ ,ਦ੍ਰਿੜਤਾ ਅਤੇ ਲਗਨ ਨੂੰ ਦਰਸਾਉਂਦੀਆਂ ਹਨ ਤੇ ਨਾਲ ਹੀ ਸਾਡੇ ਅਧਿਆਪਕਾਂ ਦੇ ਅਟੁੱਟ ਸਮਰਪਣ ਅਤੇ ਸਹੀ ਮਾਰਗਦਰਸ਼ਨ ਨੂੰ ਵੀ ਪ੍ਰਗਟ ਕਰਦੀਆਂ ਹਨ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬਚੇ ਹਾਜਰ ਸਨ।

# ਮਾਣਹਾਨੀ ਮਾਮਲੇ 'ਚ ਸੁਖਬੀਰ ਬਾਦਲ ਨੂੰ ਸੁਪਰੀਮ ਕੋਰਟ ਤੋਂ ਵੀ ਰਾਹਤ ਨਹੀਂ—ਆਰ.ਪੀ. ਸਿੰਘ

ਨਵੀਂ ਦਿੱਲੀ, 21 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸੁਪਰੀਮ ਕੋਰਟ ਨੇ ਸਾਲ 2017 ਦੇ ਅਪਰਾਧਿਕ ਮਾਣਹਾਨੀ ਮਾਮਲੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਰਾਹਤ ਦੇਣ ਤੋਂ ਇਨਕਾਰ ਕਰਦਿਆਂ ਉਨ੍ਹਾਂ ਦੀ ਪਟੀਸ਼ਨ ਖਾਰਜ ਕਰ ਦਿੱਤੀ ਹੈ।ਸੁਖਬੀਰ ਬਾਦਲ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਉਸ ਫੈਸਲੇ ਨੂੰ ਚੁਣੌਤੀ ਦਿੱਤੀ ਸੀ, ਜਿਸ ਵਿੱਚ ਅਦਾਲਤ ਨੇ ਮਾਮਲਾ ਰੱਦ ਕਰਨ ਤੋਂ ਇਨਕਾਰ ਕੀਤਾ ਸੀ। ਇਹ ਮਾਮਲਾ ਜਨਵਰੀ 2017 ਵਿੱਚ ਉਨ੍ਹਾਂ ਵੱਲੋਂ ਅਖੰਡ ਕੀਰਤਨੀ ਜਥੇ ਨੂੰ ਖਾੜਕੂ ਸੰਗਠਨ ਬੱਬਰ ਖਾਲਸਾ ਇੰਟਰਨੈਸ਼ਨਲ ਦਾ ਸਿਆਸੀ ਵਿੰਗ ਦੱਸਣ ਵਾਲੇ ਬਿਆਨ ਨਾਲ ਸਬੰਧਤ ਹੈ। ਇਸ ਬਿਆਨ ਤੋਂ ਬਾਅਦ ਸੰਸਥਾ ਦੇ ਮੁੱਖ ਬੁਲਾਰੇ ਭਾਈ ਆਰ ਪੀ ਸਿੰਘ ਵਲੋਂ ਵੱਲੋਂ ਮਾਣਹਾਨੀ ਦੀ ਸ਼ਿਕਾਇਤ ਦਰਜ ਕਰਵਾਈ ਗਈ ਸੀ ਅਤੇ ਦੋਸ਼ ਲਾਇਆ ਗਿਆ ਸੀ ਕਿ ਇਹ ਟਿੱਪਣੀਆਂ ਸਿਆਸੀ ਰੈਲੀਆਂ ਅਤੇ ਮੀਡੀਆ ਰਾਹੀਂ ਵਾਰ-ਵਾਰ ਕੀਤੀਆਂ ਗਈਆਂ, ਜਿਸ ਨਾਲ ਜਥੇ ਅਤੇ ਉਸ ਨਾਲ ਜੁੜੇ ਲੋਕਾਂ ਦੀ ਸਮਾਜਕ ਤੇ ਧਾਰਮਿਕ ਸਾਖ ਨੂੰ ਨੁਕਸਾਨ ਪਹੁੰਚਿਆ। ਜਿਕਰਯੋਗ ਹੈ ਕਿ ਸੁਪਰੀਮ ਕੋਰਟ ਵੱਲੋਂ ਬਾਦਲ ਦੀ ਪਟੀਸ਼ਨ ਖਾਰਜ ਹੋਣਾ ਹੁਣ ਇਸ ਮਾਮਲੇ ਨੂੰ ਹੋਰ ਗੰਭੀਰ ਕਾਨੂੰਨੀ ਮੋੜ 'ਤੇ ਲੈ ਗਿਆ ਹੈ। ਸਿਆਸੀ ਆਗੂਆਂ ਵੱਲੋਂ ਕਿਸੇ ਧਾਰਮਿਕ ਸੰਸਥਾ ਜਾਂ ਵਿਅਕਤੀ ਖ਼ਿਲਾਫ਼ ਗੰਭੀਰ ਦੋਸ਼ ਲਗਾਉਣ ਦੀ ਹੱਦ ਅਤੇ ਉਨ੍ਹਾਂ ਦੋਸ਼ਾਂ ਦੇ ਕਾਨੂੰਨੀ ਨਤੀਜੇ ਇਸ ਮਾਮਲੇ ਵਿੱਚ ਮੁੜ ਚਰਚਾ ਦਾ ਵਿਸ਼ਾ ਬਣ ਗਏ ਹਨ। ਖ਼ਾਸ ਕਰਕੇ ਜਦੋਂ ਕਿਸੇ ਬਿਆਨ ਦਾ ਅਸਰ ਸਿਰਫ਼ ਸਿਆਸੀ ਬਹਿਸ ਤੱਕ ਸੀਮਤ ਨਾ ਰਹੇ, ਸਗੋਂ ਕਿਸੇ ਧਾਰਮਿਕ ਜਥੇਬੰਦੀ ਦੀ ਇੱਜ਼ਤ ਅਤੇ ਜਨਤਕ ਪਹਿਚਾਣ ਨੂੰ ਪ੍ਰਭਾਵਿਤ ਕਰਨ ਦਾ ਦੋਸ਼ ਲੱਗੇ, ਤਾਂ ਅਦਾਲਤੀ ਜਾਂਚ ਦੀ ਮਹੱਤਤਾ ਹੋਰ ਵੱਧ ਜਾਂਦੀ ਹੈ। ਇਸ ਮਾਮਲੇ ਵਿੱਚ ਸੁਪਰੀਮ ਕੋਰਟ ਵੱਲੋਂ ਰਾਹਤ ਨਾ ਮਿਲਣ ਨੂੰ ਸੁਖਬੀਰ ਬਾਦਲ ਲਈ ਇੱਕ ਹੋਰ ਕਾਨੂੰਨੀ ਝਟਕੇ ਵਜੋਂ ਦੇਖਿਆ ਜਾ ਰਿਹਾ ਹੈ, ਜਦਕਿ ਮਾਮਲੇ ਨਾਲ ਜੁੜੇ ਪੱਖਾਂ ਲਈ ਹੁਣ ਅਗਲੀ ਕਾਨੂੰਨੀ ਕਾਰਵਾਈ ਮਹੱਤਵਪੂਰਨ ਰਹੇਗੀ।



ਆਵਾਜ਼ਿ ਕੌਮ AWAZE QAUM International Newspaper & WEB TV

# ਕੌਮੀ ਇਨਸਾਫ ਮੋਰਚੇ ਵੱਲੋਂ ਪੰਜਾਬ ਬੰਦ ਦੀ ਕਾਲ ਨੂੰ ਅੱਜ ਜੰਡਿਆਲਾ ਗੁਰੂ ਵਿੱਚ ਭਰਵਾਂ ਹੁੰਗਾਰਾ ਮਿਲਿਆ




**ਜੰਡਿਆਲਾ ਗੁਰੂ, 21 ਅਗਸਤ (ਕੁਲਵੰਤ ਸਿੰਘ ਵਿਰਦੀ)**-ਕੌਮੀ ਇਨਸਾਫ ਮੋਰਚੇ ਵੱਲੋਂ 21 ਅਗਸਤ ਨੂੰ ਸਵੇਰੇ 7 ਵਜੇ ਤੋਂ ਦੁਪਹਿਰ 2 ਵਜੇ ਤੱਕ ਪੰਜਾਬ ਬੰਦ ਦੀ ਕਾਲ ਨੂੰ ਅੱਜ ਜੰਡਿਆਲਾ ਗੁਰੂ ਵਿੱਚ ਭਰਵਾਂ ਹੁੰਗਾਰਾ ਦੇਖਣ ਨੂੰ ਮਿਲਿਆ । ਜੰਡਿਆਲਾ ਗੁਰੂ ਵਿੱਚ ਵੱਖ-ਵੱਖ ਧਾਰਮਿਕ, ਰਾਜਨੀਤਿਕ, ਕਿਸਾਨ, ਸਮਾਜ ਸੇਵੀ ਜਥੇਬੰਦੀਆਂ ਵੱਲੋਂ ਸਵੇਰੇ 9 ਵਜੇ ਵਾਲਮੀਕੀ ਚੌਂਕ ਤੋਂ ਇੱਕ ਸ਼ਾਂਤਮਈ ਰੋਸ ਮਾਰਚ ਸਤਿਨਾਮ ਵਾਹਿਗੁਰੂ ਦਾ ਜਾਪ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕਰਦੇ ਹੋਏ ਸ਼ਹਿਰ ਵਿੱਚ ਕੱਢਿਆ ਗਿਆ । ਇਸ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਗਟ ਕਰਦੇ ਹੋਏ ਕਿਹਾ ਕਿ ਜਿੱਥੇ ਕੇਂਦਰ ਸਰਕਾਰ ਘੱਟ ਗਿਣਤੀ ਭਾਈਚਾਰੇ ਵਿੱਚ ਦੋਹਰਾ ਕਾਨੂੰਨ ਅਪਣਾ ਰਹੀ ਹੈ ਉੱਥੇ ਹੀ ਮੌਜੂਦਾ ਪੰਜਾਬ ਸਰਕਾਰ ਮਗਰਮੱਛ ਦੇ ਹੰਜੂ ਵਹਾ ਰਹੀ ਹੈ ਕਿਉਂਕਿ ਸਾਢੇ ਚਾਰ ਸਾਲ ਉਨਾਂ ਨੂੰ ਬੰਦੀ ਸਿੰਘਾਂ ਦੀ ਰਿਹਾਈ ਅਤੇ ਤਿੰਨ ਸਾਲ ਤੋਂ ਚੱਲ ਰਹੇ ਮੋਰਚੇ ਸਬੰਧੀ ਕੋਈ ਫਿਕਰ ਨਹੀਂ ਸੀ ਅਤੇ ਹੁਣ ਜਦ 2027 ਵਿੱਚ ਵਿਧਾਨ ਸਭਾ ਦੀਆਂ ਚੋਣਾਂ ਸਿਰ ਤੇ ਆ ਗਈਆਂ ਹਨ ਤਾਂ ਬੰਦੀ ਸਿੰਘਾਂ ਦੀ ਰਿਹਾਈ ਦਾ ਡਰਾਮਾ ਕਰਦੇ ਹੋਏ ਜੇਲ ਵਿੱਚ ਬੰਦ ਭਾਈ ਜਗਤਾਰ ਸਿੰਘ ਹਵਾਰਾ ਨੂੰ ਸਿਰਫ ਇਕ ਦਿਨ ਦੀ ਪੈਰੋਲ ਦੇ ਰਹੇ ਹਨ ਜਿਸ ਨੂੰ ਭਾਈ ਜਗਤਾਰ ਸਿੰਘ ਹਵਾਰਾ ਨੇ ਰੱਦ ਕਰ ਦਿੱਤਾ ਹੈ । ਕੌਮੀ ਇਨਸਾਫ ਮੋਰਚਾ ਵੱਲੋਂ ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਬਿਮਾਰ ਮਾਤਾ ਜੀ ਨਾਲ ਮਿਲਣ ਲਈ 10 ਦਿਨ ਦੀ ਪੈਰੋਲ ਦੀ ਮੰਗ ਕੀਤੀ ਜਾ ਰਹੀ ਸੀ । ਵੱਖ ਵਖ ਬੁਲਾਰਿਆਂ ਨੇ ਰੋਸ ਪ੍ਰਗਟ ਕੀਤਾ ਕਿ 15 ਅਗਸਤ ਨੂੰ ਕੌਮੀ ਇਨਸਾਫ ਮੋਰਚੇ ਵੱਲੋਂ ਚੰਡੀਗੜ੍ਹ ਕੀਤੇ ਗਏ ਰੋਸ ਪ੍ਰਦਰਸ਼ਨ ਦੌਰਾਨ ਉਨਾਂ ਉੱਪਰ ਲਾਠੀਚਾਰਜ ਹੰਜੂ ਗੈਸ ਆਦਿ ਦੇ ਗੋਲੇ ਸੁੱਟ ਕੇ ਤਸ਼ਦਦ ਕੀਤਾ ਗਿਆ ਅਤੇ ਉਲਟਾ ਹੀ ਕੁਝ ਨੌਜਵਾਨਾਂ ਤੇ ਪਰਚੇ ਦਰਜ ਕਰ ਦਿੱਤੇ ਗਏ । ਜਿਸ ਦੇ ਰੋਸ ਵਜੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਅੱਜ 21 ਅਗਸਤ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਸੀ ਜਿਸ ਨੂੰ ਜੰਡਿਆਲਾ ਸ਼ਹਿਰ ਵਾਸੀਆਂ ਨੇ ਪੂਰਾ ਸਹਿਯੋਗ ਦਿੱਤਾ ਹੈ । ਰੋਸ ਮਾਰਚ ਦੀ ਸਮਾਪਤੀ ਤੋਂ ਉਪਰੰਤ ਆਏ ਹੋਏ ਵੱਖ ਵੱਖ ਰਾਜਨੀਤਿਕ ਧਾਰਮਿਕ ਆਗੂਆਂ ਵੱਲੋਂ ਸਹਿਰ ਵਾਸੀਆਂ ਦਾ ਧੰਨਵਾਦ ਕੀਤਾ । ਇਸ ਮੌਕੇ ਵੱਖ ਵੱਖ ਬੁਲਾਰਿਆਂ ਵਿੱਚ ਗੁਰੂ ਮਾਨਿਓ ਗ੍ਰੰਥ ਸੇਵਕ ਜਥੇ ਦੇ ਪ੍ਰਧਾਨ ਜਗਜੀਤ ਸਿੰਘ ਬਿਟੂ , ਕਿਸਾਨ ਆਗੂ ਭਾਈ ਜਗਜੀਤ ਸਿੰਘ ਖਾਲਸਾ , ਅਮਰੀਕ ਸਿੰਘ ਬਿੱਟਾ ਅਕਾਲੀ ਦਲ ਵਾਰਸ ਪੰਜਾਬ, ਅਮਰਜੀਤ ਸਿੰਘ ਬੰਡਾਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜੰਡਿਆਲਾ ਗੁਰੂ, ਦਲਜਿੰਦਰਬੀਰ ਸਿੰਘ ਵਿਰਕ ਸ਼ਹਿਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਪ੍ਰੀਤਇੰਦਰ ਸਿੰਘ ਮਾਨ , ਗੁਰਪ੍ਰੀਤ ਸਿੰਘ ਸਚਦੇਵਾ ਤੋਂ ਇਲਾਵਾ ਰੋਸ ਮਾਰਚ ਵਿੱਚ ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਬਰਤਨ ਬਾਜ਼ਾਰ ਯੂਨੀਅਨ, ਕਰਨ ਮਲਹੋਤਰਾ, ਸਾਗਰ ਮਲਹੋਤਰਾ, ਮਨਦੀਪ ਸਿੰਘ, ਮਨਿੰਦਰ ਸਿੰਘ ਭੋਲਾ, ਸਰਤਾਜ ਸਿੰਘ, ਭਾਈ ਰਣਜੀਤ ਸਿੰਘ ਪੱਪੀ, ਭਾਈ ਜਗਜੀਤ ਸਿੰਘ ਝੰਡ , ਕਮਲਜੀਤ ਸਿੰਘ ਫੌਜੀ , ਭਾਈ ਗੁਰਜੰਟ ਸਿੰਘ , ਭਾਈ ਅਰਵਿੰਦਰ ਸਿੰਘ ਸਮੇਤ ਸੈਂਕੜੇ ਨੌਜਵਾਨ ਸ਼ਾਮਲ ਸਨ ਇਸ ਬੰਦ ਦੇ ਮੌਕੇ ਲੇਟ ਪਹੁੰਚੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ,ਕੰਨਵਲਪ੍ਰੀਤ ਸਿੰਘ ਰਵੀ , ਕਰਨ ਸਿੰਘ ਮਲਹੋਤਰਾ, ਮਨਿੰਦਰ ਸਿੰਘ ਮਨੀ, ਪ੍ਰਤਾਪ ਸਿੰਘ ਅਮਰਕੋਟ ਵੱਲੋਂ ਹਾਜਰੀ ਵਾਲਮੀਕ ਚੌਂਕ ਵਿਖੇ ਪਹੁੰਚ ਕਿ ਲਗਵਾਈ ਗਈ ਲੇਟ ਸੰਬੰਧੀ ਜਦੋਂ ਬਾਬਾ ਬਿਬੇਕ ਸਿੰਘ ਜੀ ਨੂੰ ਪੁੱਛਿਆ ਗਿਆ ਤਾਂ ਉਨਾਂ ਨੇ ਕਿਹਾ ਕਿ ਘਰੇਲੂ ਰੁਝੇਵੇਂ ਕਾਰਨ ਅਸੀਂ ਲੇਟ ਹੋ ਗਏ ਪਰ ਆਪਣੀ ਹਾਜਰੀ ਲਗਾਉਣੀ ਜਰੂਰੀ ਸਮਝੀ !

ਆਵਾਜ਼ਿ ਕੌਮ AWAZE QAUM International Newspaper & WEB TV

### ਪੀਜੀਆਈ ਚੰਡੀਗੜ੍ਹ ਵਿੱਚ ਜੇਰੇ ਇਲਾਜ ਸੰਘਰਸ਼ੀ ਯੋਧੇ ਭਾਈ ਅਮਰਜੀਤ ਸਿੰਘ ਬਡਗੁਜਰਾਂ ਦੇ ਇਲਾਜ ਲਈ

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ 50.000 ਰੁਪਏ ਦੀ ਰਾਸ਼ੀ ਜਾਰੀ






**ਚੰਡੀਗੜ੍ਹ, 21 ਅਗਸਤ (ਆਵਾਜ਼ਿ ਕੌਮ ਬਿਊਰੋ)**-ਲੰਘੇ ਡੇਢ ਹਫਤੇ ਤੋਂ ਪੀਜੀਆਈ ਚੰਡੀਗੜ੍ਹ ਵਿੱਚ ਜੇਰੇ ਇਲਾਜ ਸੰਘਰਸ਼ੀ ਯੋਧੇ ਭਾਈ ਅਮਰਜੀਤ ਸਿੰਘ ਬਡਗੁਜਰਾਂ ਦੇ ਇਲਾਜ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ 50.000 ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਭਾਈ ਬਡਗੁਜਰਾਂ ਨੂੰ 11 ਅਗਸਤ ਦੇ ਦਿਨ ਹਾਰਟ ਅਟੈਕ ਆ ਜਾਣ ਕਰਕੇ ਖਮਾਣੋਂ ਦੇ ਇੱਕ ਨਿੱਜੀ ਹਸਪਤਾਲ ਤੋਂ ਪੀਜੀਆਈ ਰੈਫਰ ਕਰ ਦਿੱਤਾ ਗਿਆ ਸੀ। ਹੁਣ ਭਾਈ ਸਾਹਿਬ ਦੀ ਸਿਹਤ ਵਿੱਚ ਸੁਧਾਰ ਹੋ ਰਿਹਾ ਹੈ। ਭਾਈ ਬਡਗੁਜਰਾਂ ਦੀ ਇਕਲੌਤੀ ਕੁਆਰੀ ਬੇਟੀ ਬੀਬਾ ਨਵਰੀਤ ਕੌਰ ਨੇ ਆਪਣੇ ਸੂਰਮੇ ਪਿਤਾ ਜੀ ਵਲੋਂ ਮੌਜੂਦਾ ਸਿੱਖ ਧਰਮ ਯੁੱਧ ਵਿੱਚ ਮਾਰੀਆਂ ਤੇਗਾਂ ਦਾ ਹਵਾਲਾ ਦੇ ਕੇ ਸਿੱਖ ਕੌਮ ਦੀ ਮਿੰਨੀ ਪਾਰਲੀਮੈਂਟ ਦੇ ਮੁੱਖ ਸੇਵਾਦਾਰ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਸੰਬੋਧਤ ਹੋ ਕੇ ਪਰ ਆਪਣੀ ਗਰੀਬੀ ਦਾ ਵਾਸਤਾ ਪਾ ਕੇ ਇੱਕ ਇੱਕ ਚਿੱਠੀ ਜਾਰੀ ਕੀਤੀ ਸੀ।ਇਤਿਹਾਸਕ ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਦੇ ਮੈਨੇਜਰ ਸਹਿਬ ਵਲੋਂ 50.000 ਰੁਪਏ ਦਾ ਚੈੱਕ ਕਲ੍ਹ ਪੀਜੀਆਈ ਪਹੁੰਚ ਕੇ ਬੀਬਾ ਨਵਰੀਤ ਕੌਰ ਦੇ ਸਪੁਰਦ ਕੀਤਾ ਗਿਆ ਹੈ।ਬੀਬਾ ਜੀ ਨੇ ਅਵਾਜ ਏ ਕੌਮ ਦੇ ਪੱਤਰਕਾਰ ਨੂੰ ਦੱਸਿਆ ਕਿ ਕਲ੍ਹ ਹੀ ਡੇਰਾ ਕਾਰ ਸੇਵਾ ਸ੍ਰੀ ਅੰਬ ਸਾਹਿਬ ਤੋਂ ਪੀਜੀਆਈ ਪਹੁੰਚ ਕੇ ਕਾਰ ਸੇਵਾ ਵਾਲੇ ਮਹਾਂਪੁਰਖਾਂ ਨੇ ਮੇਰੇ ਪਿਤਾ ਜੀ ਦੀ ਚੋਖੀ ਵਿੱਤੀ ਸਹਾਇਤਾ ਕੀਤੀ।ਅਤੇ ਕਲ੍ਹ ਹੀ ਕੌਮੀ ਸੰਘਰਸ਼ਾਂ ਦੇ ਸਾਹ ਅਸਵਾਰ ਸਿੰਘ ਸਹਿਬ ਜਥੇਦਾਰ ਬਾਬਾ ਰਾਜਾ ਰਾਜ ਸਿੰਘ ਜੀ ਅਰਬਾਂ ਖਰਬਾਂ ਤਰਨਾਂ ਦਲ ਮਿਸਲ ਸ਼ਹੀਦਾਂ ਵੀ ਮੇਰੇ ਪਿਤਾ ਜੀ ਨੂੰ ਮਿਲਣ ਲਈ ਆਏ।ਬਾਬਾ ਜੀ ਦੇ ਨਾਲ ਆਈ ਪ੍ਰਸਿੱਧ ਫੋਰਟਿਸ ਹਸਪਤਾਲ ਮੋਹਾਲੀ ਦੇ ਡਾਕਟਰਾਂ ਦੀ ਟੀਮ ਨੇ ਮੇਰੇ ਪਿਤਾ ਜੀ ਦੀ ਮੈਡੀਕਲ ਫ਼ਾਇਲ ਦਾ ਨਿਰੀਖਣ ਵੀ ਕੀਤਾ। ਸਿੰਘ ਸਾਹਿਬ ਜਥੇਦਾਰ ਬਾਬਾ ਰਾਜਾ ਰਾਜ ਸਿੰਘ ਜੀ ਨੇ ਵੀ ਬਹੁਤ ਸਾਰੀ ਮਾਇਆ ਦੇ ਕੇ ਸਾਡੀ ਵਿੱਤੀ ਸਹਾਇਤਾ ਕੀਤੀ।ਬਾਬਾ ਜੀ ਨੇ ਆਪਣੀਆਂ ਕੌਮੀ ਮੁਹਿੰਮਾਂ ਦੀਆਂ ਲੰਬੀਆਂ ਵਾਟਾਂ ਦੇ ਸਾਥੀ ਦੀ ਸਹਿਤਯਾਬੀ ਲਈ ਅਰਦਾਸ ਕਰਨ ਲਈ ਖਾਲਸਾ ਪੰਥ ਨੂੰ ਅਪੀਲ ਕੀਤੀ। ਬੀਬਾ ਨਵਰੀਤ ਕੌਰ ਨੇ ਕਿਹਾ ਕਿ ਸਿੱਖ ਕੌਮ ਦੇ ਮਹਾਂਪੁਰਖਾਂ ਅਤੇ ਪੰਥ ਦਰਦੀਆਂ ਵਲੋਂ ਮੇਰੇ ਪਰਵਾਰ ਦੇ ਨਾਲ ਆ ਖੜ੍ਹਨ ਪਿੱਛੋਂ ਮੇਰੇ ਪਿਤਾ ਜੀ ਹੌਸਲਾ ਫੜ ਚੁੱਕੇ ਹਨ।ਆਪਣੇ ਆਖਰੀ ਸਾਹ ਤੱਕ ਖਾਲਸਾ ਪੰਥ ਨਾਲ ਆਰ ਪਾਰ ਦੀਆਂ ਸਾਂਝਾਂ ਨਿਭਾਉਣ ਲਈ ਬਜਿੱਦ ਭਾਈ ਸਾਹਿਬ ਦਾ ਇਕਲੌਤਾ ਬੇਟਾ ਚਾਰ ਸਾਲ ਪਹਿਲਾਂ ਪ੍ਰਲੋਕ ਸਿਧਾਰ ਗਿਆ ਸੀ।ਪਰ ਭਾਈ ਬਡਗੁਜਰਾਂ ਨੇ ਕੌਮੀ ਸਰਗਰਮੀਆਂ ਤੋਂ ਆਪਣੇ ਪੈਰ ਪਿੱਛੇ ਨਹੀਂ ਖਿੱਚੇ।

### ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਦਾ ਰਾਹ ਖੋਲ੍ਹਣ ਦੀ ਕੋਸ਼ਿਸ਼ ’ਤੇ ਵੀ ਇਤਰਾਜ਼ ?

# ਸਿੱਖ ਹੀ ਸਿੱਖ ਦਾ ਵਿਰੋਧੀ ਕਿਉਂ ਬਣਿਆ ਫਿਰਦਾ ਹੈ: ਸੰਤ ਮੀਤ ਸਿੰਘ



**ਨਵੀਂ ਦਿੱਲੀ 21 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਭਾਰਤ-ਪਾਕਿਸਤਾਨ ਵਿਚਾਲੇ ਤਣਾਅ ਦੇ ਬਾਵਜੂਦ ਐਸਜੀਪੀਸੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਪਾਕਿਸਤਾਨ ਹਾਈ ਕਮਿਸ਼ਨ ਪਹੁੰਚੇ ਵਫ਼ਦ ਵੱਲੋਂ ਸਿੱਖ ਸ਼ਰਧਾਲੂਆਂ ਲਈ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਦਾ ਰਾਹ ਸੁਖਾਲਾ ਕਰਨ ਅਤੇ ਵੱਧ ਤੋਂ ਵੱਧ ਵੀਜ਼ੇ ਦਿਵਾਉਣ ਦੀ ਕੋਸ਼ਿਸ਼ ਦਾ ਸਵਾਗਤ ਹੋਣਾ ਚਾਹੀਦਾ ਹੈ। ਹੈਰਾਨੀ ਦੀ ਗੱਲ ਹੈ ਕਿ ਗੁਰੂ ਨਾਨਕ ਦੇਵ ਜੀ ਦੀ ਜਨਮਭੂਮੀ ਨਨਕਾਣਾ ਸਾਹਿਬ, ਕਰਤਾਰਪੁਰ ਸਾਹਿਬ ਅਤੇ ਹੋਰ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਰਾਹ ਪੱਧਰਾ ਕਰਨ ਦੀ ਕੋਸ਼ਿਸ਼ ’ਤੇ ਵੀ ਸਿੱਖਾਂ ਵੱਲੋਂ ਸਵਾਲ ਖੜ੍ਹੇ ਕੀਤੇ ਜਾ ਰਹੇ ਹਨ। ਸੁਰੱਖਿਆ ਚਿੰਤਾਵਾਂ ਆਪਣੀ ਥਾਂ ਹਨ, ਪਰ ਗੁਰੂ ਘਰਾਂ ਨਾਲ ਸੰਗਤ ਦਾ ਰਿਸ਼ਤਾ ਸ਼ੱਕ ਦੀ ਨਜ਼ਰ ਨਾਲ ਦੇਖਣ ਦੀ ਬਜਾਏ ਉਸ ਲਈ ਰਾਹ ਆਸਾਨ ਕਰਨਾ ਸਮੇਂ ਦੀ ਲੋੜ ਹੈ। ਪੱਛਮੀ ਦਿੱਲੀ ਦੇ ਵਾਰਡ ਨੰਬਰ 32 ਜਨਕਪੁਰੀ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਚੋਣ ਉਮੀਦਵਾਰ ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਜੇ ਭਾਰਤ ਸਰਕਾਰ ਸਮੇਂ ਦੇ ਬਦਲਾਅ ਨਾਲ ਆਈ ਪੀ ਸੀ ਦੀ ਥਾਂ ਬੀ ਐਨ ਐਸ ਵਰਗਾ ਨਵਾਂ ਕਾਨੂੰਨੀ ਢਾਂਚਾ ਲਿਆ ਸਕਦੀ ਹੈ ਅਤੇ ਪੁਰਾਣੇ ਕਾਨੂੰਨਾਂ ਨੂੰ ਨਵੇਂ ਹਾਲਾਤਾਂ ਅਨੁਸਾਰ ਬਦਲ ਸਕਦੀ ਹੈ ਤਾਂ ਭਾਰਤ- ਪਾਕਿਸਤਾਨ ਸਬੰਧਾਂ ਨੂੰ ਨਿਯਮਤ ਕਰਨ ਵਾਲੇ ਸ਼ਿਮਲਾ ਸਮਝੌਤੇ ਨੂੰ ਵੀ ਬਦਲਦੇ ਹਾਲਾਤਾਂ ਅਨੁਸਾਰ ਨਵੇਂ ਰੂਪ ਵਿੱਚ ਤਿਆਰ ਕਰਨ ਬਾਰੇ ਵਿਚਾਰ ਕਿਉਂ ਨਹੀਂ ਹੋ ਸਕਦਾ ? ਜਦੋਂ ਕਾਨੂੰਨ ਅਤੇ ਨੀਤੀਆਂ ਬਦਲ ਸਕਦੀਆਂ ਹਨ ਤਾਂ ਸਿੱਖ ਸ਼ਰਧਾਲੂਆਂ ਲਈ ਗੁਰਧਾਮਾਂ ਦੇ ਦਰਸ਼ਨਾਂ ਦੀ ਵੀਜ਼ਾ ਪ੍ਰਕਿਰਿਆ ਅਤੇ ਯਾਤਰਾ ਪ੍ਰਬੰਧ ਵੀ ਸੁਖਾਲੇ ਕੀਤੇ ਜਾ ਸਕਦੇ ਹਨ। ਸਿੱਖ ਅੱਜ ਵੀ ਅਰਦਾਸ ਕਰਦਾ ਹੈ—“ਪੰਥ ਤੋਂ ਵਿਛੜੇ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ ਦੀਦਾਰੇ ਅਤੇ ਸੇਵਾ ਸੰਭਾਲ ਪੰਥ ਖਾਲਸਾ ਨੂੰ ਬਖ਼ਸ਼ੋ।” ਫਿਰ ਜਦੋਂ ਇਸ ਅਰਦਾਸ ਨੂੰ ਅਮਲੀ ਰੂਪ ਦੇਣ ਲਈ ਕੋਈ ਯਤਨ ਹੁੰਦਾ ਹੈ ਤਾਂ ਉਸ ਦਾ ਵਿਰੋਧ ਕਿਉਂ ? ਓਨ੍ਹਾ ਕਿਹਾ ਅਸਲ ਸਵਾਲ ਇਹ ਹੈ ਕਿ ਗੁਰਧਾਮਾਂ ਨਾਲ ਸਿੱਖਾਂ ਦਾ ਰਿਸ਼ਤਾ ਸਰਹੱਦਾਂ, ਸਿਆਸਤ ਅਤੇ ਵਿਰੋਧਾਂ ਤੋਂ ਉੱਪਰ ਹੈ। ਜੇ ਐਸਜੀਪੀਸੀ ਵੱਧ ਤੋਂ ਵੱਧ ਸਿੱਖਾਂ ਨੂੰ ਆਪਣੇ ਇਤਿਹਾਸਕ ਗੁਰੂ ਘਰਾਂ ਦੇ ਦਰਸ਼ਨ ਕਰਵਾਉਣ, ਵੀਜ਼ੇ ਸੁਖਾਲੇ ਕਰਵਾਉਣ ਅਤੇ ਯਾਤਰਾ ਨੂੰ ਸੁਰੱਖਿਅਤ ਬਣਾਉਣ ਲਈ ਯਤਨ ਕਰ ਰਹੀ ਹੈ ਤਾਂ ਇਸ ਨੂੰ ਕਮਜ਼ੋਰ ਕਰਨ ਦੀ ਬਜਾਏ ਪੰਥਕ ਸਹਿਯੋਗ ਮਿਲਣਾ ਚਾਹੀਦਾ ਹੈ। ਦੁੱਖ ਦੀ ਗੱਲ ਹੈ ਕਿ ਬਾਹਰੀ ਰੁਕਾਵਟਾਂ ਤੋਂ ਪਹਿਲਾਂ ਅਸੀਂ ਆਪ ਹੀ ਆਪਣੇ ਰਾਹ ਵਿੱਚ ਕੰਧਾਂ ਖੜ੍ਹੀਆਂ ਕਰ ਰਹੇ ਹਾਂ। ਸਿੱਖ ਕੌਮ ਦੀ ਮੰਗ ਸਾਫ਼ ਹੈ—ਗੁਰਧਾਮਾਂ ਦੇ ਦਰਸ਼ਨਾਂ ਲਈ ਰਾਹ ਖੋਲ੍ਹੋ, ਵੀਜ਼ਾ ਪ੍ਰਕਿਰਿਆ ਆਸਾਨ ਕਰੋ ਅਤੇ ਸੰਗਤ ਨੂੰ ਆਪਣੀ ਵਿਰਾਸਤ ਨਾਲ ਜੋੜੋ। ਸਰਹੱਦਾਂ ਸਿਆਸੀ ਹੋ ਸਕਦੀਆਂ ਹਨ, ਪਰ ਗੁਰੂ ਘਰ ਨਾਲ ਸਿੱਖ ਦਾ ਰਿਸ਼ਤਾ ਆਤਮਿਕ ਹੈ; ਇਸ ਰਿਸ਼ਤੇ ਦੇ ਰਾਹ ਵਿੱਚ ਸਿੱਖ ਆਪ ਹੀ ਰੁਕਾਵਟ ਨਾ ਬਣੇ।

# ਹਰ ਸੁ.ਕਰਵਾਰ ਡੇਂਗੂ ਤੇ ਵਾਰ : ਐਸ ਆਈ ਅਸ਼ੋਕ ਕੁਮਾਰ



ਧੂਰੀ (ਰਣਜੀਤ ਸਿੰਘ ਪੇਧਨੀ )-ਸਿਵਲ ਸਰਜਨ ਸੰਗਰੂਰ ਡਾ: ਅਮਰਜੀਤ ਕੌਰ ਅਤੇ ਜ਼ਿਲ੍ਹਾ ਐਪੀਡਿਮਾਲੋਜਿਸਟ ਡਾ.ਰਮਨਦੀਪ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਐਮ.ਓ ਸੇਰਪੁਰ ਡਾ.ਜਸਦੀਪ ਸਿੰਘ ਅਗਵਾਈ ਹੇਠ ਅਤੇ ਅਸੋ.ਕ ਕੁਮਾਰ ਦੀ ਸੁਪਰਵਿਜਨ ਵਿੱਚ ਪਿੰਡ ਲੱਡਾ ਦੇ ਮੈਡੀਕਲ ਸਟੋਰਾ, ਲੈਬੋਰਟਰੀਆਂ, ਵੈਟਨਰੀ ਹਸਪਤਾਲਾ ਅਤੇ ਸਰਕਾਰੀ ਹਸਪਤਾਲਾ ਵਿੱਚ ਡੇਂਗੂ ਅਤੇ ਮਲੇਰੀਆ ਤੋਂ ਬਚਾਓ ਬਾਰੇ ਜਾਣਕਾਰੀ ਦਿੰਦੇ ਹੋਏ ਐਸ ਆਈ ਅਸੋਕ ਕੁਮਾਰ ਨੇ ਦੱਸਿਆ ਕਿ ਡੇਂਗੂ,ਚਿਕਨਗੁਨੀਆਂ, ਮਲੇਰੀਆ ਬੁਖਾਰ ਮੱਛਰਾਂ ਦੇ ਕੱਟਣ ਤੋਂ ਫੈਲਦੇ ਹਨ, ਡੇਂਗੂ ਦਾ ਮੱਛਰ ਜਿਆਦਾਤਰ ਦਿਨ ਵੇਲੇ ਤੇ ਮਲੇਰੀਆ ਦੇ ਮੱਛਰ ਰਾਤ ਨੂੰ ਕੱਟਦੇ ਹਨ। ਇਹ ਮੱਛਰ ਇੱਕ ਹਫਤੇ ਤੋਂ ਵੱਧ ਸਮੇਂ ਤੋਂ ਖੜੇ ਪਾਣੀ ਦੀਆਂ ਥਾਵਾਂ ਵਿੱਚ ਪੈਦਾ ਹੁੰਦੇ ਹਨ। ਇਸ ਲਈ ਉਨ੍ਹਾਂ ਕਿਹਾ ਕਿ ਟੋਇਆਂ ਨੂੰ ਭਰਿਆ ਜਾਵੇ , ਘਰਾਂ ਵਿਚ ਲੱਗੇ ਕੂਲਰ, ਗਮਲਿਆਂ, ਕਟੋਰਿਆਂ, ਟਾਇਰਾਂ ਤੇ ਫਰਿੱਜ ਦੀਆਂ ਟਰੇਆ ਨੂੰ ਹਫ਼ਤੇ ਵਿੱਚ ਇੱਕ ਵਾਰ ਜ਼ਰੂਰ ਸੁਕਿਆ ਜਾਵੇ। ਉਨ੍ਹਾਂ ਕਿਹਾ ਕਿ ਮੱਛਰਾਂ ਤੋਂ ਛੁਟਕਾਰਾ ਪਾਉਣ ਲਈ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ, ਪੂਰੇ ਸਰੀਰ ਨੂੰ ਢੱਕਣ ਵਾਲੇ ਕੱਪੜੇ ਪਹਿਨਣੇ ਚਾਹੀਦੇ ਹਨ, ਘਰਾਂ ਦੇ ਆਲੇ-ਦੁਆਲੇ ਖੜ੍ਹੇ ਪਾਣੀ ਦੇ ਟੋਇਆਂ ਨੂੰ ਮਿੱਟੀ ਨਾਲ ਬੰਦ ਕਰ ਦਿੱਤਾ ਜਾਵੇ ਅਤੇ ਜੇਕਰ ਕਿਸੇ ਵਿਅਕਤੀ ਨੂੰ ਬੁਖ਼ਾਰ ਹੋ ਜਾਵੇ ਤਾਂ ਤੁਰੰਤ ਨੇੜੇ ਦੇ ਸਰਕਾਰੀ ਹਸਪਤਾਲ ਜਾ ਕੇ ਟੈਸਟ ਅਤੇ ਇਲਾਜ ਕਰਵਾਉਣਾ ਚਾਹੀਦਾ ਹੈ, ਜੋ ਕਿ ਪੰਜਾਬ ਸਰਕਾਰ ਵੱਲੋ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਮੁਫ਼ਤ ਕੀਤਾ ਜਾਂਦਾ ਹੈ।ਇਸ ਮੌਕੇ ਜਸਵਿੰਦਰ ਸਿੰਘ ਮ.ਪ.ਹ.ਵ (ਮੇਲ)ਅਤੇ ਸਰਪੰਚ ਮਿੰਨੂ ਲੱਡਾ, ਕੇਵਲ ਸਿੰਘ ਕੋਪ੍ਰਟਿਵ ਸੋਸਾਇਟੀ ਮੈਂਬਰ ਹਾਜਰ ਸਨ।

# ਕੈਨੇਡਾ ’ਚ ਦੋ ਖਾਲਿਸਤਾਨ ਪੱਖੀ ਕਾਰਕੁਨਾਂ ਨੂੰ ਜਾਨੋਂ ਮਾਰਨ ਦੀ ਧਮਕੀ, ਪੁਲਿਸ ਨੇ ਕੀਤਾ ਸਾਵਧਾਨ



ਨਵੀਂ ਦਿੱਲੀ 21 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਬ੍ਰਿਟਿਸ਼ ਕੋਲੰਬੀਆ ਦੇ ਦੋ ਖਾਲਿਸਤਾਨ ਪੱਖੀ ਕਾਰਕੁਨਾਂ ਦਾ ਦਾਅਵਾ ਹੈ ਕਿ ਕੈਨੇਡਾ ਦੀ ਪੁਲਿਸ ਨੇ ਉਨ੍ਹਾਂ ਨੂੰ ਉਨ੍ਹਾਂ ਦੀ ਜਾਨ ਨੂੰ ਖਤਰੇ ਸਬੰਧੀ ਚਿਤਾਵਨੀ ਦਿੱਤੀ ਹੈ। ਦੋਵੇਂ ਕਾਰਕੁਨ ਆਜ਼ਾਦ ਸਿੱਖ ਰਾਜ ਦੀ ਮੰਗ ਲਈ ਆਪਣੀਆਂ ਗਤੀਵਿਧੀਆਂ ਜਾਰੀ ਰੱਖ ਰਹੇ ਹਨ। ਐਬਟਸਫੋਰਡ ਵਾਸੀ ਮਨਜਿੰਦਰ ਸਿੰਘ, ਜੋ ਵੈਨਕੂਵਰ ਸਥਿਤ ਭਾਰਤੀ ਕੌਂਸਲੇਟ ਦੇ ਬਾਹਰ ਹਰ ਮਹੀਨੇ ਰੈਲੀ ਕਰਵਾਉਂਦੇ ਹਨ, ਨੇ ਕਿਹਾ ਕਿ ਆਰਸੀਐੱਮਪੀ ਵੱਲੋਂ ਪਿਛਲੇ ਹਫ਼ਤੇ ਉਨ੍ਹਾਂ ਨੂੰ ‘ਡਿਊਟੀ-ਟੂ-ਵਾਰਨ’ ਨੋਟਿਸ ਜਾਰੀ ਕਰਕੇ ਜਾਨ ਨੂੰ ਸੰਭਾਵਿਤ ਖਤਰੇ ਬਾਰੇ ਸੁਚੇਤ ਕੀਤਾ ਗਿਆ। ਇਸੇ ਤਰ੍ਹਾਂ ਨਰਿੰਦਰ ਸਿੰਘ ਰੰਧਾਵਾ ਜੋ ਕਿ ਸਰੀ ਡੇਲਟਾ ਗੁਰਦੁਆਰਾ ਸਾਹਿਬ ਦੇ ਮੈਂਬਰ ਅਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਨੇੜਲੇ ਸਾਥੀ ਸਨ, ਨੇ ਦਾਅਵਾ ਕੀਤਾ ਕਿ ਸਰੀ ਪੁਲਿਸ ਨੇ ਵੀ ਹਫ਼ਤੇ ਦੇ ਅੰਤ ਵਿੱਚ ਉਨ੍ਹਾਂ ਨੂੰ ਅਜਿਹੀ ਹੀ ਚਿਤਾਵਨੀ ਦਿੱਤੀ। ਦੋਵੇਂ ਕਾਰਕੁਨਾਂ ਨੇ ਇਨ੍ਹਾਂ ਧਮਕੀਆਂ ਪਿੱਛੇ ਭਾਰਤ ਸਰਕਾਰ ਦਾ ਹੱਥ ਹੋਣ ਦਾ ਦੋਸ਼ ਲਗਾਇਆ ਹੈ। ਹਾਲਾਂਕਿ ਭਾਰਤ ਸਰਕਾਰ ਪਹਿਲਾਂ ਵੀ ਖਾਲਿਸਤਾਨ ਸਮਰਥਕਾਂ ਨੂੰ ਨਿਸ਼ਾਨਾ ਬਣਾਉਣ ਸਬੰਧੀ ਲੱਗੇ ਅਜਿਹੇ ਦੋਸ਼ਾਂ ਤੋਂ ਇਨਕਾਰ ਕਰ ਚੁੱਕੀ ਹੈ। ਰੰਧਾਵਾ ਨੇ ਦੋਸ਼ ਲਾਇਆ ਕਿ ਭਾਰਤ ਵੱਲੋਂ ਕੈਨੇਡਾ ਦੀ ਧਰਤੀ ’ਤੇ ‘ਟ੍ਰਾਂਸਨੈਸ਼ਨਲ ਰਿਪ੍ਰੈਸ਼ਨ’ ਕੀਤਾ ਜਾ ਰਿਹਾ ਹੈ ਅਤੇ ਕਿਹਾ ਕਿ ਕੈਨੇਡੀਅਨ ਧਰਤੀ ’ਤੇ ਕੈਨੇਡੀਅਨ ਨਾਗਰਿਕਾਂ ਦੀ ਹੱਤਿਆ ਵਰਗੀਆਂ ਕਾਰਵਾਈਆਂ ਨੂੰ ਰੋਕਿਆ ਜਾਣਾ ਚਾਹੀਦਾ ਹੈ। ਆਰਸੀਐੱਮਪੀ ਨੇ ਇਨ੍ਹਾਂ ਦੋ ਵਿਅਕਤੀਆਂ ਦੇ ਮਾਮਲਿਆਂ ਦੀ ਖਾਸ ਤੌਰ ’ਤੇ ਪੁਸ਼ਟੀ ਨਹੀਂ ਕੀਤੀ, ਪਰ ਕਿਹਾ ਕਿ ਦੇਸ਼ ਭਰ ਵਿੱਚ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਵੱਲੋਂ ਦੱਖਣੀ ਏਸ਼ੀਆਈ ਭਾਈਚਾਰੇ ਦੇ ਕੁਝ ਮੈਂਬਰਾਂ ਨੂੰ ਖਤਰਿਆਂ ਸਬੰਧੀ ‘ਡਿਊਟੀ-ਟੂ-ਵਾਰਨ’ ਨੋਟੀਫਿਕੇਸ਼ਨ ਜਾਰੀ ਕੀਤੇ ਗਏ ਹਨ। ਇਹ ਮਾਮਲਾ ਕੈਨੇਡਾ ਵਿੱਚ ਖਾਲਿਸਤਾਨ ਪੱਖੀ ਸਰਗਰਮੀਆਂ, ਵਿਦੇਸ਼ੀ ਦਖਲਅੰਦਾਜ਼ੀ ਦੇ ਦੋਸ਼ਾਂ ਅਤੇ ਸਿੱਖ ਕਾਰਕੁਨਾਂ ਦੀ ਸੁਰੱਖਿਆ ਨੂੰ ਲੈ ਕੇ ਚੱਲ ਰਹੀ ਚਰਚਾ ਨੂੰ ਮੁੜ ਕੇਂਦਰ ਵਿੱਚ ਲੈ ਆਇਆ ਹੈ।

# ਸੱਜਣ ਕੁਮਾਰ ਵਰਗਾ ਮਨੁੱਖਤਾ ਦਾ ਕਾਤਲ ਆਪਣੀ ਮੌਤ ਨਹੀਂ ਸੀ ਮਰਨਾ ਚਾਹੀਦਾ : ਮਾਨ



ਨਵੀਂ ਦਿੱਲੀ, 21 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਜਿਸ ਸੱਜਣ ਕੁਮਾਰ ਵਰਗੇ ਕਾਂਗਰਸੀ ਨੇ 1984 ਵਿਚ ਦਿੱਲੀ ਵਿਖੇ ਕਾਤਲ ਟੋਲੀਆ ਦੀ ਅਗਵਾਈ ਕਰਦੇ ਹੋਏ ਨਿਰਦੋਸ਼, ਨਿਹੱਥੇ ਸਿੱਖ ਨੌਜਵਾਨਾਂ, ਬੀਬੀਆਂ, ਬੱਚਿਆਂ ਨੂੰ ਬਹੁਤ ਹੀ ਬੇਰਹਿੰਮੀ ਨਾਲ ਕਤਲੇਆਮ ਕੀਤਾ ਸੀ, ਬੇਸੱਕ ਉਸ ਨੂੰ ਬੀਬੀ ਜਗਦੀਸ ਕੌਰ ਦੇ ਪਰਿਵਾਰਿਕ ਮੈਬਰਾਂ ਦੇ ਕਤਲ ਕਰਨ ਅਤੇ ਸ. ਜਸਵੰਤ ਸਿੰਘ ਤੇ ਉਸਦੇ ਪੁੱਤਰ ਨੂੰ ਕਤਲ ਕਰਨ ਦੇ ਕੇਸਾਂ ਵਿਚ ਉਮਰ ਕੈਦ ਦੀ ਸਜ਼ਾ ਹੋਈ ਸੀ ।ਜੋ ਦਿੱਲੀ ਜੇਲ੍ਹ ਵਿਚ ਬੰਦ ਸੀ ।ਉਹ ਬੀਤੇ ਦਿਨੀਂ ਜੇਲ੍ਹ ਵਿਚ ਹੀ ਖਤਮ ਹੋ ਗਿਆ ਹੈ ।ਅਜਿਹੇ ਮਨੁੱਖਤਾ ਦੇ ਕਾਤਲ ਆਪਣੀ ਮੌਤ ਨਹੀ ਸੀ ਮਰਨਾ ਚਾਹੀਦਾ ।ਬਲਕਿ ਇਹ ਸੇਵਾ ਤਾਂ ਕਿਸੇ ਸਿੱਖ ਵੱਲੋ ਹੀ ਨਿਭਾਉਣੀ ਚਾਹੀਦੀ ਸੀ ।ਕਿਉਂਕਿ ਅਜਿਹੇ ਮੁਤੱਸਵੀ ਤੇ ਫਿਰਕੂ ਕਾਤਲ ਆਪਣੀ ਮੌਤ ਮਰਨ ਦੇ ਹੱਕਦਾਰ ਨਹੀ ਹਨ ।ਇਨ੍ਹਾਂ ਨੂੰ ਤਾਂ ਉਸੇ ਤਰ੍ਹਾਂ ਸਜ਼ਾ ਮਿਲਣੀ ਚਾਹੀਦੀ ਸੀ, ਜਿਵੇਕਿ ਐਸ.ਐਸ.ਪੀ ਗੋਬਿੰਦ ਰਾਮ, ਨਿਹੰਗ ਪੂਹਲਾ ਅਤੇ ਜੇਲ੍ਹ ਵਿਚ ਬੰਦੀ ਐਸ.ਐਚ.ਓ ਸੂਬਾ ਸਿੰਘ ਨੂੰ ਜਿਵੇ ਮਿਲੀ ਹੈ ।ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਜੇਲ੍ਹ ਵਿਚ ਹੀ ਸਿੱਖ ਕੌਮ ਦੇ ਕਾਤਲ ਸੱਜਣ ਕੁਮਾਰ ਦੀ ਮੌਤ ਹੋ ਜਾਣ ਉਤੇ ਤਿੱਖਾ ਪ੍ਰਤੀਕਰਮ ਜਾਹਰ ਕਰਦੇ ਹੋਏ ਅਤੇ ਸਿੱਖ ਕੌਮ ਦੀਆਂ ਭਾਵਨਾਵਾ ਦਾ ਇਜਹਾਰ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਅਜਿਹੇ ਕਾਤਲਾਂ ਨੂੰ ਅਜਿਹੇ ਮਨੁੱਖਤਾ ਵਿਰੋਧੀ ਕੁਕਰਮ ਕਰਨ ਤੋ ਪਹਿਲੇ ਵੱਖ-ਵੱਖ ਸਮਿਆ ਤੇ ਹੋਏ ਉਨ੍ਹਾਂ ਦੇ ਪਰਿਵਾਰਿਕ ਹਾਦਸਿਆ ਜਾਂ ਉਨ੍ਹਾਂ ਨਾਲ ਹੋਏ ਵਰਤਾਰੇ ਨੂੰ ਆਪਣੇ ਜਹਿਨ ਵਿਚ ਰੱਖਣਾ ਚਾਹੀਦਾ ਹੈ ।ਇਥੇ ਇਹ ਵੀ ਵਰਨਣ ਕਰਨਾ ਜਰੂਰੀ ਹੈ ਕਿ ਇਸ ਸੱਜਣ ਕੁਮਾਰ ਕਾਤਲ ਦੀ ਬਹੁਟੀ ਤੇ ਮੁੰਡੇ ਦੇ ਹਸਰ ਬਾਰੇ ਵੀ ਆਪਣੇ ਮਨ ਵਿਚ ਜਾਣਕਾਰੀ ਰੱਖਣੀ ਚਾਹੀਦੀ ਹੈ ।ਤਾਂ ਕਿ ਕੋਈ ਵੀ ਫਿਰਕੂ ਅਨਸਰ ਅਜਿਹਾ ਕਰਨ ਤੋਂ ਪਹਿਲਾ ਆਪਣੀ ਤੇ ਆਪਣੇ ਪਰਿਵਾਰਿਕ ਮੈਬਰਾਂ ਦੇ ਹੋਣ ਵਾਲੇ ਹਸਰ ਨੂੰ ਵੀ ਯਾਦ ਰੱਖੇ ।ਅਜਿਹੇ ਕਾਤਲਾਂ ਨੂੰ ਜਨਤਕ ਤੌਰ ਤੇ ਮਿਲੀ ਸਜ਼ਾ ਹੀ ਪੀੜ੍ਹਤ ਪਰਿਵਾਰਾਂ ਦੀ ਸੰਤੁਸਟੀ ਕਰ ਸਕਦੀ ਹੈ ਕਿਉਂਕਿ ਜਿਸ ਬੇਰਹਿੰਮੀ ਤੇ ਅਣਮਨੁੱਖੀ ਢੰਗਾਂ ਨਾਲ ਅਜਿਹੇ ਕਾਤਲਾਂ ਵੱਲੋ ਕਤਲ ਕੀਤੇ ਗਏ, ਉਸੇ ਤਰ੍ਹਾਂ ਦਾ ਹਸਰ ਅਜਿਹੇ ਕਾਤਲਾਂ ਦਾ ਹੋਣਾ ਬਣਦਾ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ★ ਧੰਨਵਾਦ ★

## ਬੰਦੀ ਸਿੰਘਾਂ ਦੀ ਰਿਹਾਈ ਲਈ
## ਕੌਮੀ ਇਨਸਾਫ ਮੋਰਚੇ

ਵੱਲੋਂ

## ਅੱਜ ਮਿਤੀ 21 ਅਗਸਤ 2026
## ਨੂੰ ਪੰਜਾਬ ਬੰਦ

ਦੇ ਸੱਦੇ ਦੀ ਅਪੀਲ ਨੂੰ ਸਫਲਿਆਂ ਕਰਨ ਲਈ ਸਾਰੇ ਪੰਜਾਬ ਨਿਵਾਸੀ ਸੰਗਤਾਂ ਦਾ ਦਮਦਮੀ ਟਕਸਾਲ ਦੇ

## ਮੌਜੂਦਾ ਮੁਖੀ ਸੰਤ ਗਿਆਨੀ
## ਹਰਨਾਮ ਸਿੰਘ ਜੀ ਖਾਲਸਾ

ਭਿੰਡਰਾਂਵਾਲਿਆਂ ਵੱਲੋਂ ਬਹੁਤ ਬਹੁਤ ਧੰਨਵਾਦ ਕੀਤਾ ਜਾਂਦਾ ਹੈ ।



ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ਼ ਮੋਰਚੇ ਵੱਲੋਂ ਅੱਜ 21 ਅਗਸਤ 2026 ਨੂੰ ਦਿੱਤੇ ਪੰਜਾਬ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਲਈ ਸਮੁੱਚੇ ਪੰਜਾਬ ਦੀਆਂ ਸੰਗਤਾਂ ਵੱਲੋਂ ਦਿੱਤੇ ਸਹਿਯੋਗ ਲਈ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਸਮੂਹ ਪੰਜਾਬ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਹੈ। ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਵੱਲੋਂ ਕਿਹਾ ਗਿਆ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਲੰਮੇ ਸਮੇਂ ਤੋਂ ਸਿੱਖ ਪੰਥ ਨਾਲ ਜੁੜਿਆ ਇੱਕ ਅਹਿਮ ਮੁੱਦਾ ਹੈ। ਪੰਜਾਬ ਬੰਦ ਦੇ ਸੱਦੇ ਦੌਰਾਨ ਸੰਗਤਾਂ ਵੱਲੋਂ ਦਿਖਾਏ ਗਏ ਸਹਿਯੋਗ ਅਤੇ ਇਕਜੁੱਟਤਾ ਲਈ ਉਨ੍ਹਾਂ ਨੇ ਸਮੂਹ ਸੰਗਤਾਂ, ਪੰਜਾਬ ਵਾਸੀਆਂ ਅਤੇ ਸਹਿਯੋਗ ਦੇਣ ਵਾਲੀਆਂ ਜਥੇਬੰਦੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੇ ਮਾਮਲੇ ਨੂੰ ਸਰਕਾਰਾਂ ਵੱਲੋਂ ਗੰਭੀਰਤਾ ਨਾਲ ਵਿਚਾਰਦਿਆਂ ਕਾਨੂੰਨੀ ਅਤੇ ਸੰਵਿਧਾਨਕ ਪ੍ਰਕਿਰਿਆ ਅਨੁਸਾਰ ਲੋੜੀਂਦੇ ਕਦਮ ਚੁੱਕੇ ਜਾਣੇ ਚਾਹੀਦੇ ਹਨ। ਉਨ੍ਹਾਂ ਸਮੂਹ ਸੰਗਤਾਂ ਨੂੰ ਭਵਿੱਖ ਵਿੱਚ ਵੀ ਪੰਥਕ ਮਸਲਿਆਂ ਲਈ ਸ਼ਾਂਤਮਈ ਅਤੇ ਲੋਕਤੰਤਰਿਕ ਢੰਗ ਨਾਲ ਆਪਣਾ ਸਹਿਯੋਗ ਜਾਰੀ ਰੱਖਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਐਸ.ਸੀ. ਕਮਿਸ਼ਨ ਦੇ ਮੈਂਬਰ ਗੁਲਜ਼ਾਰ ਸਿੰਘ ਬੌਬੀ ਵੱਲੋਂ ਅੰਬੇਡਕਰ ਨਗਰ ਤੇ ਸੁੰਦਰ ਬਸਤੀ ਦੀਆਂ

# ਸਮੱਸਿਆਵਾਂ ਦਾ ਮੌਕੇ 'ਤੇ ਜਾਇਜ਼ਾ; 15 ਦਿਨਾਂ ਵਿੱਚ ਹੱਲ ਕਰਨ ਦੇ ਨਿਰਦੇਸ਼



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਸ੍ਰੀ ਗੁਲਜ਼ਾਰ ਸਿੰਘ ਬੌਬੀ ਵੱਲੋਂ ਅੱਜ ਸੰਗਰੂਰ ਦੇ ਅੰਬੇਡਕਰ ਨਗਰ ਅਤੇ ਸੁੰਦਰ ਬਸਤੀ ਦਾ ਦੌਰਾ ਕਰਕੇ ਇਲਾਕਾ ਵਾਸੀਆਂ ਨੂੰ ਦਰਪੇਸ਼ ਸੀਵਰੇਜ, ਪੀਣ ਵਾਲੇ ਪਾਣੀ ਅਤੇ ਸਫ਼ਾਈ ਨਾਲ ਸਬੰਧਤ ਸਮੱਸਿਆਵਾਂ ਦਾ ਮੌਕੇ 'ਤੇ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਅਤੇ ਸਥਾਈ ਹੱਲ ਕਰਨ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ। ਮੀਡੀਆ ਨਾਲ ਗੱਲਬਾਤ ਕਰਦਿਆਂ ਸ੍ਰੀ ਗੁਲਜ਼ਾਰ ਸਿੰਘ ਬੌਬੀ ਨੇ ਦੱਸਿਆ ਕਿ ਲੋਕਾਂ ਵੱਲੋਂ ਸੀਵਰੇਜ ਦੀ ਸਮੱਸਿਆ, ਪੀਣ ਵਾਲੇ ਪਾਣੀ ਦੀ ਸਪਲਾਈ ਵਿੱਚ ਲੀਕੇਜ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਕਈ ਲਿਖਤੀ ਸ਼ਿਕਾਇਤਾਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਕੋਲ ਦਰਜ ਕਰਵਾਈਆਂ ਗਈਆਂ ਸਨ। ਇਨ੍ਹਾਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਉਨ੍ਹਾਂ ਵੱਲੋਂ ਖੁਦ ਮੌਕੇ 'ਤੇ ਪਹੁੰਚ ਕੇ ਲੋਕਾਂ ਦੀਆਂ ਮੁਸ਼ਕਲਾਂ ਜਾਣੀਆਂ ਗਈਆਂ ਅਤੇ ਸਬੰਧਤ ਅਧਿਕਾਰੀਆਂ ਤੋਂ ਸਮੱਸਿਆਵਾਂ ਸਬੰਧੀ ਜਾਣਕਾਰੀ ਹਾਸਲ ਕੀਤੀ ਗਈ। ਇਸ ਮੌਕੇ ਸੀਵਰੇਜ ਬੋਰਡ, ਵਾਟਰ ਸਪਲਾਈ ਅਤੇ ਨਗਰ ਕੌਂਸਲ ਸੰਗਰੂਰ ਦੇ ਸਬੰਧਤ ਅਧਿਕਾਰੀਆਂ ਨੂੰ ਵੀ ਮੌਕੇ 'ਤੇ ਬੁਲਾਇਆ ਗਿਆ।ਐਸ.ਡੀ.ਓ., ਈ.ਓ. ਅਤੇ ਜੇ.ਈ. ਸਮੇਤ ਐਕਸੀਅਨ ਵੀ ਹਾਜ਼ਰ ਰਹੇ। ਕਮਿਸ਼ਨ ਮੈਂਬਰ ਨੇ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਕਿ ਲੋਕਾਂ ਨੂੰ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਸ੍ਰੀ ਬੌਬੀ ਨੇ ਸਬੰਧਤ ਵਿਭਾਗਾਂ ਨੂੰ 15 ਦਿਨਾਂ ਦੀ ਮੁਹਲਤ ਦਿੰਦਿਆਂ ਹਦਾਇਤ ਕੀਤੀ ਕਿ ਇਸ ਸਮੇਂ ਦੌਰਾਨ ਅੰਬੇਡਕਰ ਨਗਰ ਵਿੱਚ ਸੀਵਰੇਜ ਦੀਆਂ ਬੰਦ ਪਈਆਂ ਲਾਈਨਾਂ ਦੀ ਸਫ਼ਾਈ ਅਤੇ ਡੀ-ਸਿਲਟਿੰਗ ਕਰਵਾਉਣ ਦੇ ਨਾਲ-ਨਾਲ ਪੀਣ ਵਾਲੇ ਪਾਣੀ ਦੀਆਂ ਸਪਲਾਈ ਲਾਈਨਾਂ ਵਿੱਚ ਮੌਜੂਦ ਸਾਰੀਆਂ ਲੀਕੇਜਾਂ ਨੂੰ ਮੁਕੰਮਲ ਤੌਰ 'ਤੇ ਠੀਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪਾਣੀ ਦੀ ਲੀਕੇਜ ਕਾਰਨ ਗੰਦੇ ਪਾਣੀ ਦੀ ਮਿਕਸਿੰਗ ਦੀ ਸੰਭਾਵਨਾ ਨੂੰ ਕਿਸੇ ਵੀ ਕੀਮਤ 'ਤੇ ਬਰਕਰਾਰ ਨਹੀਂ ਰਹਿਣ ਦਿੱਤਾ ਜਾ ਸਕਦਾ, ਕਿਉਂਕਿ ਇਸ ਨਾਲ ਲੋਕਾਂ ਦੀ ਸਿਹਤ ਪ੍ਰਭਾਵਿਤ ਹੋ ਸਕਦੀ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਗਲੀਆਂ ਅਤੇ ਆਲੇ-ਦੁਆਲੇ ਦੇ ਖੇਤਰ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਉਣ ਅਤੇ ਜਿੱਥੇ ਵੀ ਸੀਵਰੇਜ ਜਾਮ ਹੋਣ ਦੀ ਸਮੱਸਿਆ ਹੈ, ਉੱਥੇ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ। ਇਸ ਦੌਰਾਨ ਨਗਰ ਕੌਂਸਲ ਸੰਗਰੂਰ ਦੇ ਕਾਰਜਸਾਧਕ ਅਫ਼ਸਰ ਸ੍ਰੀ ਅਸ਼ਵਨੀ ਕੁਮਾਰ ਵੱਲੋਂ ਟੀਮ ਸਮੇਤ ਦੌਰਾ ਕਰਕੇ ਸਮੱਸਿਆਵਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਗਿਆ।ਉਨ੍ਹਾਂ ਦੱਸਿਆ ਕਿ ਸੀਵਰੇਜ ਚੋਕ ਦੀ ਸਮੱਸਿਆ ਨੂੰ ਦੂਰ ਕਰਨ ਲਈ ਡੀ-ਸਿਲਟਿੰਗ ਦਾ ਕੰਮ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਇਲਾਕੇ ਦੀਆਂ ਗਲੀਆਂ ਦੀ ਵਿਸ਼ੇਸ਼ ਸਫ਼ਾਈ ਲਈ ਸੈਨੀਟੇਸ਼ਨ ਟੀਮਾਂ ਨੂੰ ਵੀ ਤੁਰੰਤ ਕਾਰਵਾਈ ਕਰਨ ਲਈ ਕਿਹਾ ਗਿਆ ਹੈ।ਨਗਰ ਕੌਂਸਲ ਦੇ ਈ.ਓ. ਸ੍ਰੀ ਅਸ਼ਵਨੀ ਕੁਮਾਰ ਨੇ ਕਮਿਸ਼ਨ ਮੈਂਬਰ ਨੂੰ ਭਰੋਸਾ ਦਿਵਾਇਆ ਕਿ ਨਿਰਧਾਰਤ 15 ਦਿਨਾਂ ਦੇ ਸਮੇਂ ਅੰਦਰ ਲੋੜੀਂਦੇ ਕੰਮ ਮੁਕੰਮਲ ਕਰਨ ਨੂੰ ਯਕੀਨੀ ਬਣਾਇਆ ਜਾਵੇਗਾ। ਕਮਿਸ਼ਨ ਮੈਂਬਰ ਨੇ ਇਹ ਵੀ ਨਿਰਦੇਸ਼ ਦਿੱਤੇ ਕਿ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਵਿਭਾਗ ਵੱਲੋਂ ਕੀਤੇ ਗਏ ਕੰਮ ਦੀਆਂ ਤਸਵੀਰਾਂ ਸਮੇਤ ਵਿਸਥਾਰਤ ਰਿਪੋਰਟ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ। ਇਸ ਦੇ ਨਾਲ ਹੀ ਇਲਾਕਾ ਵਾਸੀਆਂ ਤੋਂ ਕੰਮ ਮੁਕੰਮਲ ਹੋਣ ਸਬੰਧੀ ਲਿਖਤੀ ਤਸੱਲੀ/ਸੰਤੁਸ਼ਟੀ ਵੀ ਪ੍ਰਾਪਤ ਕੀਤੀ ਜਾਵੇ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਅਸਲ ਅਤੇ ਸਥਾਈ ਹੱਲ ਹੋਇਆ ਹੈ। ਸ੍ਰੀ ਗੁਲਜ਼ਾਰ ਸਿੰਘ ਬੌਬੀ ਨੇ ਕਿਹਾ ਕਿ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦਾ ਮੁੱਖ ਉਦੇਸ਼ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਲੋਕਾਂ ਦੇ ਹੱਕਾਂ ਦੀ ਰਾਖੀ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਬੁਨਿਆਦੀ ਸਹੂਲਤਾਂ ਅਤੇ ਇਨਸਾਫ਼ ਯਕੀਨੀ ਬਣਾਉਣਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਆਮ ਲੋਕਾਂ ਦੀਆਂ ਜਾਇਜ਼ ਸਮੱਸਿਆਵਾਂ ਦੇ ਹੱਲ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਜੇਕਰ ਨਿਰਧਾਰਤ ਸਮੇਂ ਅੰਦਰ ਸਮੱਸਿਆਵਾਂ ਦਾ ਹੱਲ ਨਾ ਕੀਤਾ ਗਿਆ ਤਾਂ ਕਮਿਸ਼ਨ ਵੱਲੋਂ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਾਫ਼-ਸੁਥਰਾ ਪੀਣ ਵਾਲਾ ਪਾਣੀ, ਸੁਚਾਰੂ ਸੀਵਰੇਜ ਪ੍ਰਬੰਧ ਅਤੇ ਸਫ਼ਾਈ ਵਰਗੀਆਂ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਸਬੰਧਤ ਵਿਭਾਗਾਂ ਦੀ ਜ਼ਿੰਮੇਵਾਰੀ ਹੈ ਅਤੇ ਇਸ ਵਿੱਚ ਕਿਸੇ ਵੀ ਕਿਸਮ ਦੀ ਢਿੱਲ ਨਹੀਂ ਵਰਤੀ ਜਾਣੀ ਚਾਹੀਦੀ।



## ਸਾਂਝਾ ਮੁਲਾਜ਼ਮ ਮੰਚ ਪੰਜਾਬ ,ਮੁਲਾਜ਼ਮ ਤੇ ਪੈਨਸ਼ਨਰ ਫਰੰਟ ਪੰਜਾਬ ਵੱਲੋਂ 27 ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਮਹਾਂ ਰੈਲੀ ਦੀ ਤਰ੍ਹਾਂ ਪੰਜਾਬ ਬੰਦ ਨੂੰ ਵੀ ਪੰਜਾਬ ਮਹਾਂ ਬੰਦ ਬਣਾ ਦੇਣਾ ਹੈ ਪ੍ਰਧਾਨ ਬਾਜਵਾ

# ਸੇਵਾ ਮੁਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੀ ਹੋਈ ਮੀਟਿੰਗ



ਜੰਡਿਆਲਾ ਗੁਰੂ 21 ਅਗਸਤ ( ਕੁਲਵੰਤ ਸਿੰਘ ਵਿਰਦੀ ) ਸੇਵਾ ਮੁਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ ਪੰਜਾਬ ਪ੍ਰਧਾਨ ਸ ? ਨਿਰਮਲਜੀਤ ਸਿੰਘ ਬਾਜਵਾ ਦੀ ਪ੍ਰਧਾਨਗੀ ਹੇਠ ਹੋਈ । ਮੀਟਿੰਗ ਵਿੱਚ ਸਾਰੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਚੌਂ ਨੁਮਾਇੰਦੇ ਸ਼ਾਮਲ ਹੋਏ ।ਮੀਟਿੰਗ ਚ ਸਭ ਤੋਂ ਪਹਿਲਾਂ ਮਿਤੀ 7 / 8 / 26 ਨੂੰ ਦਾਣਾ ਮੰਡੀ ਚੰਡੀਗੜ੍ਹ ਵਿਖੇ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਦੇ ਵਿਰੁੱਧ ਹੋਈ ਰੈਲੀ ਨੂੰ ਸੰਨ 1947 ਦੇਸ਼ ਅਜ਼ਾਦ ਹੋਣ ਤੋਂ ਬਾਅਦ ਮੁਲਾਜ਼ਮਾਂ ਦਾ ਏਡਾ ਵੱਡਾ ਇਕੱਠ ਕਰਕੇ ਮਹਾਂ ਰੈਲੀ ਬਣਾਉਣ ਲਈ ਸਾਰੇ ਸੇਵਾ ਮੁਕਤ ਪਟਵਾਰੀਆਂ, ਕਾਨੂੰਗੋਆਂ , ਨਾਇਬ ਤਹਿਸੀਲਦਾਰਾਂ ਦਾ ਧੰਨਵਾਦ ਕੀਤਾ । ਸਾਰੇ ਸਾਥੀਆਂ ਨੂੰ ਹਦਾਇਤ ਕੀਤੀ ਗਈ ਕਿ ਜੋ 27 / 8 / 26 ਨੂੰ ਸਾਂਝਾ ਮੁਲਾਜ਼ਮ ਮੰਚ ਪੰਜਾਬ ਅਤੇ ਮੁਲਾਜ਼ਮ ਤੇ ਪੈਨਸ਼ਨਰ ਫਰੰਟ ਪੰਜਾਬ ਵੱਲੋਂ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ ਉਸ ਨੂੰ ਵੀ ਮਹਾਂ ਰੈਲੀ ਦੀ ਤਰ੍ਹਾਂ ਪੰਜਾਬ ਬੰਦ ਨੂੰ ਵੀ ਪੰਜਾਬ ਮਹਾਂ ਬੰਦ ਬਣਾ ਦੇਣਾ ਹੈ । ਜੱਥੇਬੰਦੀ ਵਲੋਂ ਜੋ ਸੀਨੀਅਰ ਯਨੀਅਰ ਗਰੇਡ ਵਾਲਾ ਨਵਾਂ ਕੇਸ ਦਾਇਰ ਕਰਨਾ ਹੈ ਉਸ ਸਬੰਧੀ ਵੀ ਵਿਚਾਰ ਚਰਚਾ ਕਰਕੇ ਫੈਸਲਾ ਲਿਆ ਗਿਆ ਕਿ ਸਾਰੇ ਜ਼ਿਲ੍ਹਿਆਂ ਵੱਲੋ ਵੱਖਰਾ- ਵੱਖਰਾ ਕੇਸ ਦਾਇਰ ਕਰਨ ਦੀ ਬਜਾਏ ਸਾਰੇ ਜਿਲ੍ਹੇ ਇਕੱਠੇ ਹੋ ਕੇ ਸਿਰਫ਼ ਦੋ ਉੱਚ ਕੋਟੀ ਦੇ ਵਕੀਲ ਕਰਕੇ ਦੋ ਕੇਸ ਹੀ ਦਾਇਰ ਕਰਨਗੇ । ਇਕੱਲੇ- ਇਕੱਲੇ ਜ਼ਿਲ੍ਹਿਆਂ ਵੱਲੋਂ ਵੱਖਰੇ- ਵੱਖਰੇ ਕੇਸ ਦਾਇਰ ਕਰਨ ਨਾਲ ਕੇਸ ਜ਼ਿਆਦਾ ਦੇਰ ਲਮਕਦਾ ਰਹਿੰਦਾ ਹੈ । ਮੀਟਿੰਗ ਵਿੱਚ ਪੰਜਾਬ ਪ੍ਰਧਾਨ ਸ ? ਨਿਰਮਲਜੀਤ ਸਿੰਘ ਬਾਜਵਾ ਤੋਂ ਇਲਾਵਾ ਦਰਸ਼ਨ ਕੁਮਾਰ ਲੁਧਿਆਣਾ, ਹਰਮਿੰਦਰ ਸਿੰਘ ਅੰਮ੍ਰਿਤਸਰ , ਗੁਰਤੇਜ ਸਿੰਘ ਪੱਕਾ ਬਠਿੰਡਾ , ਜਗਦੀਸ਼ ਕੁਮਾਰ ਫਰੀਦਕੋਟ , ਗੁਰਦੀਪ ਸਿੰਘ ਕੂਕਾ ,ਮੋਹਰ ਸਿੰਘ ਮੁਕਤਸਰ ਸਾਹਿਬ , ਜੁਗਰਾਜ ਸਿੰਘ ਸੰਗਰੂਰ , ਮਲਕੀਅਤ ਸਿੰਘ ਮਾਨ ਰੋਪੜ , ਪਲਵਿੰਦਰ ਸਿੰਘ ਪਟਿਆਲ਼ਾ,ਮੇਹਰ ਸਿੰਘ ਪਠਾਨਕੋਟ , ਪੂਰਨ ਸਿੰਘ ਤਰਨ ਤਾਰਨ, ਗੁਰਮੇਲ ਸਿੰਘ ਵਿਰਕ ਆਦਿ ਨੇ ਸੰਬੋਧਨ ਕੀਤਾ।

# ਟਾਂਗਰਾ ਪੁਲਿਸ ਵੱਲੋਂ ਮੁੱਛਲ ਪਿੰਡ ਦੀ ਲਿੰਕ ਸੜਕ ਤੇ ਲਗਾਏ ਨਾਕੇ ਦੌਰਾਨ ਚੋਰੀ ਦੇ ਮੋਟਰਸਾਈਕਲ ਸਮੇਤ ਦੋ ਵਿਅਕਤੀ ਕਾਬੂ



**ਜੰਡਿਆਲਾ ਗੁਰੂ 21 ਅਗਸਤ (ਕੁਲਵੰਤ ਸਿੰਘ ਵਿਰਦੀ )**-ਪੁਲਿਸ ਚੌਂਕੀ ਟਾਂਗਰਾ ਵੱਲੋਂ ਚੋਰੀ ਦੇ ਮੋਟਰਸਾਈਕਲ ਸਮੇਤ ਦੋ ਵਿਅਕਤੀਆ ਨੂੰ ਕਾਬੂ ਕੀਤਾ ਗਿਆ।, ਇਸ ਮੌਕੇ ਤੇ ਪੱਤਰਕਾਰਾਂ ਨੂੰ, ਜਾਣਕਾਰੀ ਦਿੰਦੇ ਹੋਏ ਪੁਲਿਸ ਚੌਂਕੀ ਟਾਂਗਰਾ ਦੇ ਇੰਚਾਰਜ ਨਰਿੰਦਰ ਪਾਲ ਸਿੰਘ ਨੇ ਦੱਸਿਆ ਕਿ, ਕਿਸੇ ਖਾਸ ਮੁਖਬਰ ਨੇ, ਪੁਲਿਸ ਚੌਂਕੀ ਟਾਂਗਰਾ ਨੂੰ ਇਤਲਾਹ ਦਿੱਤੀ ਕਿ ਅਬ ਜਲ ਨਾਥ ਪੁੱਤਰ ਦਲੇਰ ਨਾਥ,ਵਾਸੀ ਰਾਮਦੇਵ ਕਲੋਨੀ ਵਾਰਡ ਨੰਬਰ 9 ਤਰਨ ਤਾਰਨ, ਹਾਲ ਵਾਸੀ ਕੋਟਲਾ ਬੁਥੰਨਗੜ ਥਾਣਾ ਤਰਸਿੱਕਾ,, ਜ਼ਿਲ੍ਹਾ ਅੰਮ੍ਰਿਤਸਰ,ਅਤੇ, ਜਰਮਨਜੀਤ ਸਿੰਘ ਉਰਫ ਗੁੱਲੀ, ਪੁੱਤਰ ਲੱਖਾ ਸਿੰਘ ਵਾਸੀ ਰਮਣਾ ਚੱਕ ਥਾਣਾ ਤਰਸਿੱਕਾ ਜਿਲਾ ਅੰਮ੍ਰਿਤਸਰ, ਜੋ ਕਿ ਲੁੱਟਾਂ ਖੋਹਾਂ ਕਰਨ ਦੇ ਆਦੀ ਹਨ। ਅਤੇ ਇਸ ਵਕਤ ਉਹ ਚੋਰੀਸ਼ੁਦਾ ਮੋਟਰਸਾਈਕਲ ਨੰਬਰ ਮਾਰਕਾ ਪੈਸਨ ਤੇ ਸਵਾਰ ਹੋ ਕੇ ਪਿੰਡ ਮੁੱਛਲ ਤੋ ਟਾਂਗਰਾ ਨੂੰ ਆ ਰਹੇ ਹਨ ਅਤੇ ਜ਼ੇਕਰ ਨਾਕਾਬੰਦੀ ਕੀਤੀ ਜਾਵੇ ਤਾ ਇਹ ਕਾਬੂ ਕੀਤੇ ਜਾ ਸਕਦੇ ਹਨ ਤੁਰੰਤ ਹੀ ਸਾਡੀ ਪੁਲਿਸ ਪਾਰਟੀ ਵੱਲੋਂ ਮੁੱਛਲ ਲਿੰਕ ਰੋਡ ਤੇ ਨਾਕਾ ਲਗਾ ਕੇ ਇਹਨਾਂ ਦੋਹਾਂ ਨੂੰ ਕਾਬੂ ਕਰ ਲਿਆ ਗਿਆ, ਅਤੇ, ਸਖਤੀ ਨਾਲ ਪੁੱਛਗਿੱਛ ਕੀਤੀ ਗਈ ਤਾਂ ਮੋਟਰਸਾਈਕਲ ਚਾਲਕ ਨੇ ਆਪਣਾ ਨਾਮ ਜਰਮਨਜੀਤ ਸਿੰਘ ਉਰਫ ਗੁੱਲੀ ਪੁੱਤਰ ਲੱਖਾ ਸਿੰਘ ਵਾਸੀ ਰਮਾਣਾ ਚੱਕ ਥਾਣਾ ਤਰਸਿੱਕਾ ਜਿਲਾ ਅੰਮ੍ਰਿਤਸਰ ਅਤੇ ਪਿੱਛੇ ਬੈਠੇ ਨੌਜਵਾਨ ਨੇ ਆਪਣਾ ਨਾਮ ਅਬਜਲ ਨਾਥ ਪੁੱਤਰ ਦਲੇਰ ਨਾਥ ਵਾਸੀ ਰਾਮਦੇਵ ਕਲੋਨੀ ਵਾਰਡ ਨੰਬਰ 9 ਮੁਰਾਦਪੁਰ ਜਿਲਾ ਤਰਨਤਾਰਨ ਹਾਲ ਵਾਸੀ ਕੋਟਲਾ ਬਥੁਨਗੜ ਥਾਣਾ ਤਰਸਿੱਕਾ ਜਿਲਾ ਅੰਮ੍ਰਿਤਸਰ ਦੱਸਿਆ। ਅੱਗੇ ਉਨਾਂ ਨੇ ਦੱਸਿਆ ਕਿ ਇਹ ਮੋਟਰਸਾਈਕਲ ਅਸੀਂ ਤਰਨ ਤਰਨ ਬੱਸ ਸਟੈਂਡ ਤੋਂ ਚੋਰੀ ਕੀਤਾ ਹੈ। ਅਤੇ ਹੁਣ ਅਸੀਂ ਇਸ ਨੂੰ ਨਾਮਾਲੂਮ ਗ੍ਰਾਹਕ ਨੂੰ ਵੇਚਣ ਲਈ ਲਿਆ ਰਹੇ ਹਾਂ, ਤਾਂ ਪੁਲਿਸ ਨੇ ਤੁਰੰਤ ਹੀ ਕਾਬੂ ਕਰਕੇ ਮੁਕੱਦਮਾ ਦਰਜ਼ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ

# ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਦੀ ਪੰਜਵੇਂ ਦਿਨ ਵੀ ਕਲਮ ਛੋੜ ਹੜਤਾਲ ਸਫਲ ਰਹੀ

## ਕੱਲ੍ਹ ਨੂੰ ਛੋੜ ਹੜਤਾਲ ਨੂੰ ਸਫਲ ਬਣਾਉਣ ਲਈ ਸਮੂਹ ਕਲੈਰੀਕਲ ਮੁਲਾਜ਼ਮਾ ਦਾ ਧੰਨਵਾਦ

ਹੁਸ਼ਿਆਰਪੁਰ,21 ਅਗਸਤ (ਆਵਾਜ਼ਿ ਕੌਮ ਬਿਊਰੋ)-ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਵਲੋਂ ਸੂਬਾ ਕਮੇਟੀ ਦੀ ਕਾਲ ਤੇ ਅੱਜ ਪੰਜਵੇਂ ਦਿਨ ਪੰਜਾਬ ਭਰ ਦੇ ਸਾਰੇ ਦਫਤਰਾਂ ਅਤੇ ਚੰਡੀਗੜ ਸਥਿਤ ਡਾਇਰੈਕਟੋਰੇਟ ਦਫਤਰਾਂ ਦੇ ਮਨਿਸਟੀਰੀਅਲ ਕਰਮਚਾਰੀਆ ਵਲੋਂ ਕਮਲ ਛੋੜ ਹੜਤਾਲ ਕੀਤੀ ਗਈ। ਇਸ ਜ਼ਿਲ੍ਹੇ ਵਿੱਚ ਹੜਤਾਲ ਕਰਨ ਵਾਲੇ ਮੁੱਖ ਦਫਤਰਾਂ ਵਿੱਚ ਡੀ.ਸੀ.ਦਫਤਰ, ਸਿੱਖਿਆ ਵਿਭਾਗ ਦੇ ਦਫਤਰ, ਸਿੰਚਾਈ ਵਿਭਾਗ, ਪੀ.ਡਬਲਯੂ.ਡੀ, ਬਾਗਬਾਨੀ ਵਿਭਾਗ, ਐਸ.ਡੀ.ਐਮ ਦਫਤਰ, ਵਾਟਰ ਸਪਲਾਈ ਸੈਨੀਟੇਸ਼ਨ ਵਿਭਾਗ ਖੇਤੀਬਾੜੀ ਵਿਭਾਗ, ਸਿਵਲ ਸਰਜਨ ਦਫਤਰ, ਜ਼ਿਲ੍ਹਾ ਉਦਯੋਗ ਕੇਂਦਰ ਦਫਤਰ, ਆਬਕਾਰੀ ਵਿਭਾਗ, ਖੇਤੀਬਾੜੀ ਵਿਭਾਗ, ਆਈ.ਟੀ.ਆਈ, ਖਜਾਨਾ ਵਿਭਾਗ, ਪੋਲੀਟੈਕਨੀਕਲ ਆਦਿ ਦੇ ਕਰਮਚਾਰੀ ਸ਼ਾਮਲ ਹਨ। ਇਹ ਜਾਣਕਾਰੀ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਅਨੀਰੁਧ ਮੋਦਗਿਲ ਵਲੋ ਜਾਰੀ ਕੀਤੇ ਗਏ ਪ੍ਰੈਸ ਬਿਆਨ ਰਾਹੀਂ ਦਿੱਤੀ ਗਈ ਉਨ੍ਹਾਂ ਵੱਲੋ ਕਿਹਾ ਗਿਆ ਕਿ ਮੁਲਾਜ਼ਮਾਂ ਆਪਣੀਆ ਹੱਕੀ ਮੰਗਾਂ ਪ੍ਰਤੀ ਇੱਕਤਰ ਹੋ ਚੁਕੇ ਹਨ ਅਤੇ ਤਿਖੇ ਸ਼ਖਰਸ਼ ਲਈ ਤਿਆਰ ਹਨ ਕਿਉਂ ਜੋ ਸਰਕਾਰ ਵੱਲੋਂ ਹਰੇਕ ਕਰਮਚਾਰੀ ਦੀ ਤਨਖਾਹ ਨੂੰ ਵਾਧੂ ਖੋਰਾ ਲਾਇਆ ਗਿਆ ਹੈ ।15.01.2015 ਅਤੇ 17.07.2020 ਦੀ ਪੁੱਤਰਾਂ ਅਨੁਸਾਰ ਮੁਲਾਜ਼ਮਾਂ ਨੂੰ ਉਹਨਾਂ ਦੀ ਮੁਢਲੀ ਤਨਖਾਹ ਦਿੱਤੀ ਜਾ ਰਹੀ ਹੈ ਜੋ ਕਿ ਬਹੁਤ ਘੱਟ ਹੈ। ਇਸ ਤਨਖਾਹ ਨਾਲ ਮੁਲਾਜ਼ਮ ਆਰਥਕ ਤੰਗੀ ਵਿੱਚ ਜੀਵਨ ਬਤੀਤ ਕਰ ਰਹੇਂ ਹਨ ਜਦਕਿ ਸਰਕਾਰ ਵੱਲੋਂ ਸ਼ੋਸ਼ਲ ਮਿਡਿਆ ਤੇ ਗਲਤ ਪਰਚਾਰ ਕੀਤਾ ਜਾ ਰਿਹਾ ਹੈ ਕਿ ਪੰਜਾਬ ਦੇ ਮੁਲਾਜ਼ਮ ਵੱਧ ਤਨਖਾਹ ਲੈ ਰਹੇ ਹਨ । ਪੰਜਾਬ ਦੇ ਮੁਲਾਜ਼ਮ ਬਾਕੀ ਰਾਜਾ ਨਾਲੋਂ ਵੀ ਪਿਛੜ ਚੁਕੇ ਹਨ ਇਹਨਾਂ ਕਰਮਚਾਰੀਆਂ ਨੂੰ ਏ.ਪੀ.ਸੀ ਅਤੇ ਭੱਤੇ ਵੀ ਨਹੀਂ ਮਿਲ ਰਹੇ , ਕੁਝ ਕਰਮਚਾਰੀਆਂ ਨੂੰ ਟਾਈਪ ਟੈਸਟ ਦੀ ਸ਼ਰਤ ਲਗਾ ਕੇ ਉਹਨਾਂ ਦੀ ਤਨਖਾਹ ਦੀ ਕਟੌਤੀ ਕੀਤੀ ਜਾ ਰਹੀ ਹੈ। ਪੈਨਸ਼ਰਨਾਂ ਨੂੰ 2.59 ਦੇ ਗੁਣਾਕ ਨਾਲ ਪੈਨਸ਼ਨ ਸੋਧੀ ਜਾਣੀ ਸੀ ਜੋ ਨਹੀਂ ਸੋਧੀ ਗਈ। ਸ਼੍ਰੀ ਮੋਦਗਿਲ ਜਿਲ੍ਹਾ ਪ੍ਰਧਾਨ ਵੱਲੋਂ ਸਾਰੇ ਮਨਿਸਟੀਰੀਅਲ ਮੁਲਾਜ਼ਮਾਂ ਦਾ ਕਲਮ ਛੋੜ ਹੜਤਾਲ ਨੂੰ ਕਾਮਯਾਬ ਰੱਖਣ ਲਈ ਧੰਨਵਾਦ ਕੀਤਾ ਗਿਆ ਹੈ ਅਤੇ ਉਹਨਾਂ ਵੱਲੋਂ ਕਿਹਾ ਗਿਆ ਕਿ ਸਟੇਟ ਕਮੇਟੀ ਦੀ ਬਹੁੱਤ ਜਲਦ ਹੋਣ ਵਾਲੀ ਮੀਟਿੰਗ ਵਿੱਚ ਲੈ ਗਏ ਫੈਸਲੇ ਬਾਰੇ ਸੁਚਿਤ ਕਰ ਦਿਤਾ ਜਾਵੇਗਾ। ਹਾਲ ਦੀ ਘੜੀ ਕੋਈ ਵੀ ਕਰਮਚਾਰੀ ਸ਼ਨੀਵਾਰ ਮਿਤੀ 22.ਅਤੇ 23.08.2026 ਅਗਸਤ ਨੂੰ ਦਿਨ ਸ਼ਨੀਵਾਰ ਅਤੇ ਐਤਵਾਰ ਨੂੰ ਕੋਈ ਵੀ ਕਰਮਚਾਰੀ ਦਫਤਰ ਨਹੀਂ ਜਾਵੇਗਾ ਅਤੇ ਨਾਂ ਹੀ ਦਫਤਰ ਦਾ ਕੰਮ ਕਰੇਗਾਂ।

# 12 ਸਤੰਬਰ ਨੂੰ ਹੋਵੇਗੀ ਸਾਲ 2026 ਦੀ ਤੀਜੀ ਰਾਸ਼ਟਰੀ ਲੋਕ ਅਦਾਲਤ

ਹੁਸ਼ਿਆਰਪੁਰ, 21 ਅਗਸਤ (ਆਵਾਜ਼ਿ ਕੌਮ ਬਿਊਰੋ)-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਵੱਲੋਂ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 12 ਸਤੰਬਰ, 2026 ਨੂੰ ਜ਼ਿਲ੍ਹਾ ਅਤੇ ਸਬ-ਡਿਵੀਜ਼ਨ ਪੱਧਰ 'ਤੇ ਸਾਲ 2026 ਦੀ ਤੀਜੀ ਰਾਸ਼ਟਰੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਲੋਕ ਅਦਾਲਤ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਰਜਿੰਦਰ ਅਗਰਵਾਲ ਦੀ ਯੋਗ ਅਗਵਾਈ ਹੇਠ ਲਗਾਈ ਜਾਵੇਗੀ।ਇਸ ਰਾਸ਼ਟਰੀ ਲੋਕ ਅਦਾਲਤ ਵਿੱਚ ਸਿਵਲ ਕੇਸ, ਕਿਰਾਏ ਨਾਲ ਸਬੰਧਤ ਕੇਸ, ਐੱਮ.ਏ.ਸੀ.ਟੀ. ਕੇਸ, ਅਪਰਾਧਿਕ ਕੰਪਾਊਂਡੇਬਲ ਕੇਸ, ਮਾਲ ਮਾਮਲੇ, ਨੇਗੋਸ਼ੀਏਬਲ ਇੰਸਟਰੂਮੈਂਟ ਐਕਟ ਦੀ ਧਾਰਾ 138 ਨਾਲ ਸਬੰਧਤ ਕੇਸ, ਪਰਿਵਾਰਕ ਮਾਮਲੇ, ਕਿਰਤ ਮਾਮਲੇ, ਬੈਂਕ ਕੇਸ (ਲੰਬਿਤ ਅਤੇ ਪ੍ਰੀ-ਲਿਟੀਗੇਟਿਵ), ਟੈਲੀਕਾਮ ਕੰਪਨੀਆਂ ਨਾਲ ਸਬੰਧਤ ਕੇਸ, ਬਿਜਲੀ ਬਿੱਲ, ਪਾਣੀ ਅਤੇ ਸੀਵਰੇਜ ਬਿੱਲਾਂ ਨਾਲ ਸਬੰਧਤ ਕੇਸ (ਗੈਰ-ਕੰਪਾਊਂਡੇਬਲ ਮਾਮਲਿਆਂ ਨੂੰ ਛੱਡ ਕੇ) ਅਤੇ ਹੋਰ ਪ੍ਰੀ-ਲਿਟੀਗੇਟਿਵ ਮਾਮਲਿਆਂ ਦਾ ਨਿਪਟਾਰਾ ਕੀਤਾ ਜਾਵੇਗਾ।




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243